ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 29 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੩ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਬੀ. ਬੀ. ਐੱਮ. ਬੀ. ਨੂੰ ਲੈ ਕੇਂਦਰ ਸਰਕਾਰ ਦਾ ਵੱਡਾ ਫ਼ੈਸਲਾ

**ਚੰਡੀਗੜ੍ਹ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਵੱਲੋਂ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਦੇ ਚੇਅਰਮੈਨ ਮਨੋਜ ਤ੍ਰਿਪਾਠੀ ਦੇ ਕਾਰਜਕਾਲ ਵਿਚ ਤਿੰਨ ਮਹੀਨਿਆਂ ਦਾ ਵਾਧਾ ਕੀਤਾ ਗਿਆ ਹੈ। ਇਸ ਸਬੰਧੀ ਮੰਤਰਾਲੇ ਵੱਲੋਂ ਅਧਿਕਾਰਤ ਹੁਕਮ ਜਾਰੀ ਕੀਤੇ ਗਏ ਹਨ। ਹੁਕਮਾਂ ਅਨੁਸਾਰ ਮਨੋਜ ਤ੍ਰਿਪਾਠੀ ਦਾ ਮੌਜੂਦਾ ਕਾਰਜਕਾਲ 27 ਸਤੰਬਰ 2026 ਨੂੰ ਸਮਾਪਤ ਹੋਣਾ ਸੀ। ਹੁਣ ਤਿੰਨ ਮਹੀਨਿਆਂ ਦਾ ਵਾਧਾ ਮਿਲਣ ਤੋਂ ਬਾਅਦ ਉਹ 27 ਦਸੰਬਰ 2026 ਤੱਕ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਦੇ ਚੇਅਰਮੈਨ ਵਜੋਂ ਸੇਵਾਵਾਂ ਨਿਭਾਉਣਗੇ। ਇਸ ਦੌਰਾਨ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਵਿਚ ਮੈਂਬਰ (ਸਿੰਚਾਈ) ਅਤੇ ਮੈਂਬਰ (ਬਿਜਲੀ) ਦੇ ਦੋ ਅਹਿਮ ਅਹੁਦੇ ਲੰਮੇ ਸਮੇਂ ਤੋਂ ਖਾਲੀ ਪਏ ਹਨ। ਇਨ੍ਹਾਂ ਅਹੁਦਿਆਂ ’ਤੇ ਨਿਯੁਕਤੀਆਂ ਨਾ ਹੋਣ ਕਾਰਨ ਬੋਰਡ ਦੇ ਪ੍ਰਬੰਧਕੀ ਢਾਂਚੇ ਵਿੱਚ ਖਾਲੀਪਣ ਬਣਿਆ ਹੋਇਆ ਹੈ। ਬੀ. ਬੀ. ਐੱਮ. ਪੀ. ਪੰਜਾਬ, ਹਰਿਆਣਾ, ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਨਾਲ ਸਬੰਧਤ ਦਰਿਆਈ ਪਾਣੀਆਂ ਅਤੇ ਬਿਜਲੀ ਉਤਪਾਦਨ ਦੇ ਪ੍ਰਬੰਧ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਚੇਅਰਮੈਨ ਦੇ ਕਾਰਜਕਾਲ ਵਿਚ ਵਾਧੇ ਦੇ ਨਾਲ ਹੁਣ ਬੋਰਡ ਦੇ ਖਾਲੀ ਅਹੁਦਿਆਂ ’ਤੇ ਨਿਯੁਕਤੀਆਂ ਵੱਲ ਵੀ ਧਿਆਨ ਕੇਂਦਰਿਤ ਹੋਣ ਦੀ ਆਸ ਹੈ।

### ਅਮਰੀਕਾ ਨੇ ਭਾਰਤ ਲਈ ਕੀਤਾ ਵੱਡਾ ਐਲਾਨ

# ‘ਨਹੀਂ ਲੱਗੇਗਾ ਟੈਰਿਫ਼..!’

**ਵਾਸ਼ਿੰਗਟਨ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵੱਲੋਂ ਪੇਟੈਂਟ ਵਾਲੀਆਂ ਦਵਾਈਆਂ ’ਤੇ 100 ਫ਼ੀਸਦੀ ਤੱਕ ਟੈਰਿਫ ਲਗਾਉਣ ਦੀ ਤਿਆਰੀ ਵਿਚਾਲੇ ਭਾਰਤ ਲਈ ਰਾਹਤ ਦੀ ਖ਼ਬਰ ਆਈ ਹੈ। ਅਮਰੀਕੀ ਵਣਜ ਵਿਭਾਗ ਨੇ ਭਾਰਤ ਨੂੰ ਉਨ੍ਹਾਂ ਚੋਣਵੇਂ ਦੇਸ਼ਾਂ ਦੀ ਲਿਸਟ ’ਚ ਸ਼ਾਮਲ ਕੀਤਾ ਹੈ, ਜਿਨ੍ਹਾਂ ਦੀਆਂ ਸਪੈਸ਼ਿਲਟੀ ਫਾਰਮਾਸਿਊਟੀਕਲ ਦਵਾਈਆਂ ਅਤੇ ਕੱਚੇ ਮਾਲ ’ਤੇ ਕੋਈ ਟੈਰਿਫ਼ ਨਹੀਂ ਲੱਗੇਗਾ। ਹਾਲਾਂਕਿ ਇਹ ਛੋਟ ਭਾਰਤ ਤੋਂ ਆਉਣ ਵਾਲੀਆਂ ਸਾਰੀਆਂ ਦਵਾਈਆਂ ’ਤੇ ਲਾਗੂ ਨਹੀਂ ਹੋਵੇਗੀ, ਸਗੋਂ ਕੁਝ ਖ਼ਾਸ ਕੈਟੇਗਰੀਆਂ ’ਤੇ ਲਾਗੂ ਹੋਵੇਗੀ, ਜਿਵੇਂ ਕਿ: ਔਰਫ਼ਨ ਡਰੱਗਜ਼ (ਦੁਰਲੱਭ ਬੀਮਾਰੀਆਂ ਦੀਆਂ ਦਵਾਈਆਂ), ਨਿਊਕਲੀਅਰ ਮੈਡੀਸਨ ਅਤੇ ਪਲਾਜ਼ਮਾ-ਬੇਸਡ ਥੈਰੇਪੀਆਂ, ਸੈੱਲ ਅਤੇ ਜੀਨ ਥੈਰੇਪੀਆਂ, ਫਰਟੀਲਿਟੀ ਡਰੱਗਜ਼, ਐਂਟੀਬਾਡੀ-ਡਰੱਗ ਕੰਜੂਗੇਟਸ। ਅਮਰੀਕੀ ਵਣਜ ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਆਮ ਜੈਨਰਿਕ ਦਵਾਈਆਂ ਅਤੇ ਉਨ੍ਹਾਂ ਦੇ ਕੱਚੇ ਮਾਲ ’ਤੇ ਧਾਰਾ 232 ਅਧੀਨ ਲਗਾਏ ਗਏ ਟੈਰਿਫ ਲਾਗੂ ਨਹੀਂ ਹੁੰਦੇ। ਇਹ ਭਾਰਤ ਲਈ ਇੱਕ ਵੱਡੀ ਰਾਹਤ ਹੈ, ਕਿਉਂਕਿ ਅਮਰੀਕਾ ਨੂੰ ਭਾਰਤ ਵੱਲੋਂ ਕੀਤੀ ਜਾਣ ਵਾਲੀ ਫਾਰਮਾ ਬਰਾਮਦ ਦਾ ਇੱਕ ਵੱਡਾ ਹਿੱਸਾ ਜੈਨਰਿਕ ਦਵਾਈਆਂ ਦਾ ਹੁੰਦਾ ਹੈ। ਭਾਰਤ ਦੇ ਨਾਲ-ਨਾਲ ਅਰਜਨਟੀਨਾ, ਬੰਗਲਾਦੇਸ਼, ਯੂਰਪੀਅਨ ਯੂਨੀਅਨ, ਜਾਪਾਨ, ਦੱਖਣੀ ਕੋਰੀਆ, ਬ੍ਰਿਟੇਨ, ਵੀਅਤਨਾਮ ਅਤੇ ਥਾਈਲੈਂਡ ਵਰਗੇ ਦੇਸ਼ਾਂ ਨੂੰ ਵੀ ਇਸ ਲਿਸਟ ’ਚ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਦੇਸ਼ਾਂ ਨਾਲ ਅਮਰੀਕਾ ਦੇ ਵਪਾਰਕ ਅਤੇ ਸੁਰੱਖਿਆ ਸਮਝੌਤੇ ਹਨ, ਜਿਸ ਕਾਰਨ ਇਨ੍ਹਾਂ ਦੇਸ਼ਾਂ ਨੂੰ ਦਵਾਈਆਂ ’ਤੇ ਟੈਰਿਫ਼ ਤੋਂ ਛੋਟ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਇਹ ਫੈਸਲਾ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਅਪ੍ਰੈਲ ’ਚ ਜਾਰੀ ਕੀਤੇ ਗਏ ਆਦੇਸ਼ਾਂ ਨੂੰ ਲਾਗੂ ਕਰਨ ਦਾ ਹਿੱਸਾ ਹੈ, ਜਿਸ ਅਧੀਨ 29 ਸਤੰਬਰ ਤੋਂ ਨਿਰਧਾਰਿਤ ਪੇਟੈਂਟਡ ਦਵਾਈਆਂ ’ਤੇ 100 ਫ਼ੀਸਦੀ ਟੈਰਿਫ ਲਾਇਆ ਜਾ ਰਿਹਾ ਹੈ। ਇਸ ਨੀਤੀ ਦਾ ਮਕਸਦ ਅਮਰੀਕਾ ਦੇ ਅੰਦਰ ਹੀ ਦਵਾਈਆਂ ਦੇ ਨਿਰਮਾਣ ਨੂੰ ਉਤਸ਼ਾਹਿਤ ਕਰਨਾ ਹੈ।



## ਪਟਿਆਲਾ ’ਚ ਨਸ਼ੇ ਦਾ ਵਿਰੋਧ ਕਰਨ ਵਾਲੇ ਨੌਜਵਾਨ ’ਤੇ ਜਾਨਲੇਵਾ ਹਮਲਾ, 10 ਤੋਂ 15 ਲੋਕਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਕੀਤਾ ਜ਼ਖ਼ਮੀ

**ਪਟਿਆਲਾ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਆਮ ਲੋਕਾਂ ’ਤੇ ਨਸ਼ਾ ਤਸਕਰਾਂ ਦਾ ਕਹਿਰ ਲਗਾਤਾਰ ਜਾਰੀ ਹੈ। ਤਾਜ਼ਾ ਮਾਮਲਾ ਪਟਿਆਲਾ ਦੇ ਜਟਾ ਵਾਲਾ ਚੌਂਤਰਾ ਨੇੜੇ ਗੁਰਦੇਵ ਐਨਕਲੇਵ ਤੋਂ ਸਾਹਮਣੇ ਆਇਆ ਹੈ, ਜਿੱਥੇ ਇਲਾਕੇ ’ਚ ਸ਼ਰੇਆਮ ਵਿਕ ਰਹੇ ਨਸ਼ੇ ਦਾ ਵਿਰੋਧ ਕਰਨ ਵਾਲੇ ਇੱਕ ਸਥਾਨਕ ਨੌਜਵਾਨ ’ਤੇ 10 ਤੋਂ 15 ਅਣਪਛਾਤੇ ਵਿਅਕਤੀਆਂ ਨੇ ਤੇਜ਼ਧਾਰ ਹਥਿਆਰਾਂ ਨਾਲ ਜਾਨਲੇਵਾ ਹਮਲਾ ਕਰ ਦਿੱਤਾ। ਹਮਲੇ ’ਚ ਨੌਜਵਾਨ ਗੰਭੀਰ ਰੂਪ ’ਚ ਜ਼ਖ਼ਮੀ ਹੋ ਗਿਆ, ਜਿਸ ਨੂੰ ਤੁਰੰਤ ਇਲਾਜ ਲਈ ਪਟਿਆਲਾ ਦੇ ਸਰਕਾਰੀ ਰਾਜਿੰਦਰਾ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ। ਹਸਪਤਾਲ ’ਚ ਜ਼ੇਰ-ਏ-ਇਲਾਜ ਪੀੜਤ ਨੌਜਵਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਸ ਦੇ ਇਲਾਕੇ ’ਚ ਕਈ ਲੋਕਾਂ ਵੱਲੋਂ ਸ਼ਰੇਆਮ ਨਸ਼ਾ ਵੇਚਿਆ ਜਾਂਦਾ ਹੈ। ਮਹੱਲਾ ਵਾਸੀਆਂ ਨੇ ਕਈ ਵਾਰ ਤਸਕਰਾਂ ਨੂੰ ਨਸ਼ਾ ਵੇਚਣ ਤੋਂ ਰੋਕਿਆ, ਪਰ ਉਨ੍ਹਾਂ ’ਤੇ ਕੋਈ ਅਸਰ ਨਹੀਂ ਹੋਇਆ। ਪੀੜਤ ਮੁਤਾਬਕ ਉਸ ਕੋਲ ਨਸ਼ਾ ਖ਼ਰੀਦਣ ਆਉਂਦੇ ਨੌਜਵਾਨਾਂ ਅਤੇ ਲੜਕੀਆਂ ਦੀਆਂ ਵੀਡੀਓਜ਼ ਵੀ ਮੌਜੂਦ ਹਨ, ਜਿਸ ਦੇ ਆਧਾਰ ’ਤੇ ਉਸ ਨੇ ਪੁਲਿਸ ਪ੍ਰਸ਼ਾਸਨ ਨੂੰ ਲਿਖਤੀ ਸ਼ਿਕਾਇਤ ਦਿੱਤੀ ਸੀ। ਪੀੜਤ ਨੇ ਦੱਸਿਆ ਕਿ ਉਸ ਦੀ ਸ਼ਿਕਾਇਤ ’ਤੇ ਜਦੋਂ ਪੁਲਿਸ ਪਾਰਟੀ ਮੌਕੇ ’ਤੇ ਕਾਰਵਾਈ ਲਈ ਪਹੁੰਚੀ ਤਾਂ ਕਥਿਤ ਨਸ਼ਾ ਤਸਕਰ ਮੌਕੇ ਤੋਂ ਫ਼ਰਾਰ ਹੋ ਗਏ। ਇਸੇ ਗੱਲ ਦੀ ਰੰਜਿਸ਼ ਰੱਖਦਿਆਂ ਬੀਤੀ ਰਾਤ ਜਦੋਂ ਉਹ ਆਪਣੇ ਘਰ ਦੇ ਬਾਹਰ ਬੈਠਾ ਸੀ ਤਾਂ 10 ਤੋਂ 15 ਹਥਿਆਰਬੰਦ ਨੌਜਵਾਨਾਂ ਨੇ ਉਸ ’ਤੇ ਤਾਬੜਤੋੜ ਹਮਲਾ ਕਰ ਦਿੱਤਾ। ਗੰਭੀਰ ਰੂਪ ’ਚ ਜ਼ਖ਼ਮੀ ਨੌਜਵਾਨ ਨੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਗੁਹਾਰ ਲਗਾਈ ਹੈ ਕਿ ਉਸ ’ਤੇ ਹਮਲਾ ਕਰਨ ਵਾਲੇ ਗੁੰਡਾ ਅਨਸਰਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਇਲਾਕੇ ’ਚ ਚੱਲ ਰਹੇ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੁਰੰਤ ਖ਼ਤਮ ਕੀਤਾ ਜਾਵੇ। ਦੂਜੇ ਪਾਸੇ, ਪੁਲਿਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਦੋਸ਼ੀਆਂ ਦੀ ਪਛਾਣ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ।

## ਕੈਨੇਡਾ ’ਚ ਪੰਜਾਬੀ ਨੌਜਵਾਨ ਦਾ ਕਤਲ, ਅੰਗਰੇਜ਼ ਦੀ ਪ੍ਰੇਮਿਕਾ ਨੇ ਚਾਕੂ ਨਾਲ ਕੱਟੀਆਂ ਗਲੇ ਦੀਆਂ ਨਸਾਂ

**ਟੋਰਾਂਟੋ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਦੇ ਮਿਸੀਸਾਗਾ ਵਿੱਚ ਇੱਕ ਔਰਤ ਨੇ ਇੱਕ ਪੰਜਾਬੀ ਵਿਅਕਤੀ ਨੂੰ ਕਥਿਤ ਤੌਰ ’ਤੇ ਚਾਕੂ ਮਾਰ ਕੇ ਮਾਰ ਦਿੱਤਾ। ਹਮਲੇ ਵਿੱਚ ਉਸਦੀ ਗਰਦਨ ਵਿੱਚ ਗੰਭੀਰ ਸੱਟਾਂ ਲੱਗੀਆਂ। ਉਸਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਪਰ ਆਈਸੀਯੂ ਵਿੱਚ ਕੁਝ ਸਮਾਂ ਬਿਤਾਉਣ ਤੋਂ ਬਾਅਦ ਉਸਦੀ ਮੌਤ ਹੋ ਗਈ। ਡਾਕਟਰਾਂ ਨੇ ਕਿਹਾ ਕਿ ਸੱਟਾਂ ਕਾਰਨ ਉਸਦੇ ਦਿਮਾਗ ਨੂੰ ਆਕਸੀਜਨ ਦੀ ਸਪਲਾਈ ਬੰਦ ਹੋ ਗਈ ਸੀ। ਔਰਤ ਹਮਲੇ ਤੋਂ ਬਾਅਦ ਮੌਕੇ ਤੋਂ ਭੱਜ ਗਈ। ਮ੍ਰਿਤਕ ਦੀ ਪਛਾਣ ਜਗਜੀਤ ਸਿੰਘ ਸੰਧੂ ਵਜੋਂ ਹੋਈ ਹੈ। ਉਸਦੀ ਭੈਣ, ਜਸਪ੍ਰੀਤ ਕੌਰ ਨੇ ਕਿਹਾ ਕਿ ਇਹ ਘਟਨਾ 6 ਸਤੰਬਰ ਨੂੰ ਵਾਪਰੀ ਸੀ, ਪਰ ਪੁਲਿਸ ਨੇ ਹਾਲ ਹੀ ਵਿੱਚ ਕਾਰਵਾਈ ਕੀਤੀ ਹੈ। ਜਸਪ੍ਰੀਤ ਦੇ ਅਨੁਸਾਰ, ਜਗਜੀਤ ਇੱਕ ਹੋਰ ਪੰਜਾਬੀ ਵਿਅਕਤੀ ਨੂੰ ਕਥਿਤ ਤੌਰ ’ਤੇ ਨਸਲੀ ਟਿੱਪਣੀਆਂ ਦਾ ਸ਼ਿਕਾਰ ਹੋਣ ਤੋਂ ਬਾਅਦ ਦਖਲ ਦੇਣ ਦੀ ਕੋਸ਼ਿਸ਼ ਕਰ ਰਿਹਾ ਸੀ। ਉਸਨੇ ਕਿਹਾ ਕਿ ਉਸਦੇ ਭਰਾ ’ਤੇ ਮਿਸੀਸਾਗਾ ਵਿੱਚ ਡੁੰਡਾਸ ਸਟਰੀਟ ਈਸਟ ’ਤੇ ਇੱਕ ਆਸਰਾ ਦੇ ਬਾਹਰ ਜਾਨਲੇਵਾ ਹਮਲਾ ਕੀਤਾ ਗਿਆ ਸੀ। ਉਸਨੇ ਦੋਸ਼ ਲਗਾਇਆ ਕਿ ਆਸਰਾ ਸਥਾਨ ’ਤੇ ਰਹਿਣ ਵਾਲੀ ਇੱਕ ਔਰਤ ਦੇ ਪ੍ਰੇਮੀ ਨੇ ਇੱਕ ਭਾਰਤੀ ਵਿਅਕਤੀ ਦਾ ਸਾਹਮਣਾ ਕੀਤਾ, ਨਸਲੀ ਟਿੱਪਣੀਆਂ ਕੀਤੀਆਂ ਅਤੇ ਉਸਨੂੰ ਆਪਣੇ ਦੇਸ਼ ਵਾਪਸ ਜਾਣ ਲਈ ਕਿਹਾ। ਜਸਪ੍ਰੀਤ ਨੇ ਕਿਹਾ ਕਿ ਜਗਜੀਤ ਨੇ ਦਖਲ ਦਿੱਤਾ ਅਤੇ ਭਾਰਤੀ ਵਿਅਕਤੀ ਨੂੰ ਭੱਜਣ ਵਿੱਚ ਮਦਦ ਕੀਤੀ। ਫਿਰ ਜਗਜੀਤ ਅਤੇ ਦੂਜੇ ਆਦਮੀ ਵਿਚਕਾਰ ਬਹਿਸ ਸ਼ੁਰੂ ਹੋ ਗਈ। ਇਸ ਟਕਰਾਅ ਦੌਰਾਨ, ਔਰਤ ਕਥਿਤ ਤੌਰ ’ਤੇ ਪਿੱਛੇ ਤੋਂ ਆਈ ਅਤੇ ਜਗਜੀਤ ਦੀ ਗਰਦਨ ਦੇ ਸੱਜੇ ਪਾਸੇ ਚਾਕੂ ਮਾਰ ਦਿੱਤਾ। ਹਮਲੇ ’ਚ ਕਥਿਤ ਤੌਰ ’ਤੇ ਨਾੜੀਆਂ ਨੂੰ ਕੱਟਿਆ, ਜਿਸ ਕਾਰਨ ਖੂਨ ਤੇਜ਼ੀ ਨਾਲ ਡੁੱਲ੍ਹਿਆ ਅਤੇ ਉਸਦੇ ਦਿਮਾਗ ਵਿੱਚ ਆਕਸੀਜਨ ਦੀ ਕਮੀ ਹੋ ਗਈ। ਬਾਅਦ ਵਿੱਚ ਉਸਨੂੰ ਦਿਮਾਗੀ ਤੌਰ ’ਤੇ ਮ੍ਰਿਤਕ ਐਲਾਨ ਦਿੱਤਾ ਗਿਆ। ਜਸਪ੍ਰੀਤ ਨੇ ਦੋਸ਼ ਲਗਾਇਆ ਹੈ ਕਿ ਪੀਲ ਰੀਜਨਲ ਪੁਲਿਸ ਅਤੇ ਸਥਾਨਕ ਅਧਿਕਾਰੀਆਂ ਨੇ ਘਟਨਾ ਦਾ ਢੁਕਵਾਂ ਜਵਾਬ ਨਹੀਂ ਦਿੱਤਾ। ਉਸਨੇ ਕਿਹਾ ਕਿ ਹਮਲੇ ਤੋਂ ਬਾਅਦ ਪੁਲਿਸ ਨੇ ਤਿੰਨ ਦਿਨਾਂ ਤੱਕ ਪਰਿਵਾਰ ਨਾਲ ਸੰਪਰਕ ਨਹੀਂ ਕੀਤਾ ਅਤੇ ਪਰਿਵਾਰ ਵੱਲੋਂ ਵਾਰ-ਵਾਰ ਕਾਲ ਕਰਨ ’ਤੇ ਕੋਈ ਜਵਾਬ ਨਹੀਂ ਮਿਲਿਆ। ਉਸਨੇ ਇਹ ਵੀ ਦੋਸ਼ ਲਗਾਇਆ ਕਿ ਘਟਨਾ ਅਤੇ ਜਗਜੀਤ ਦੀ ਪਛਾਣ ਮੀਡੀਆ ਵਿੱਚ ਸਹੀ ਢੰਗ ਨਾਲ ਰਿਪੋਰਟ ਨਹੀਂ ਕੀਤੀ ਗਈ। ਜਸਪ੍ਰੀਤ ਨੇ ਕਿਹਾ ਕਿ ਉਹ ਹੁਣ ਮਹਿਸੂਸ ਕਰਦੀ ਹੈ ਕਿ ਕੈਨੇਡਾ ਭਾਰਤੀ ਅਤੇ ਪੰਜਾਬੀ ਨੌਜਵਾਨਾਂ ਲਈ ਅਸੁਰੱਖਿਅਤ ਹੁੰਦਾ ਜਾ ਰਿਹਾ ਹੈ ਅਤੇ ਉਸਨੇ ਅਧਿਕਾਰੀਆਂ ਵੱਲੋਂ ਸਪੱਸ਼ਟ ਜਵਾਬ ਨਾ ਦੇਣ ਵਾਲੀ ਕਾਰਵਾਈ ਦੀ ਆਲੋਚਨਾ ਕੀਤੀ।



## ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੁਰੰਤ ਅਸਤੀਫ਼ਾ ਦੇਣ: ਜਥੇਦਾਰ ਬਲਦੇਵ ਸਿੰਘ

**ਅੰਮ੍ਰਿਤਸਰ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨਾਂ ਦੌਰਾਨ ਸਰਾਵਾਂ ਵਿੱਚ ਵਾਪਰੀਆਂ ਘਟਨਾਵਾਂ ਅਤੇ ਇਸ ਤੋਂ ਬਾਅਦ ਪੈਦਾ ਹੋਏ ਹਾਲਾਤਾਂ ਨੂੰ ਲੈ ਕੇ ਪੰਥਕ ਹਲਕਿਆਂ ਵਿੱਚ ਚਿੰਤਾ ਅਤੇ ਰੋਸ ਪਾਇਆ ਜਾ ਰਿਹਾ ਹੈ। ਇਨ੍ਹਾਂ ਘਟਨਾਵਾਂ ਸਬੰਧੀ ਅੰਮ੍ਰਿਤ ਸੰਚਾਰ ਜਥੇ ਦੇ ਜਥੇਦਾਰ ਬਲਦੇਵ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਸਬੰਧਤ ਅਹੁਦੇਦਾਰਾਂ ਦੀ ਭੂਮਿਕਾ ’ਤੇ ਤਿੱਖੇ ਸਵਾਲ ਉਠਾਏ ਹਨ। ਜਥੇਦਾਰ ਬਲਦੇਵ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਮੁੱਢਲੀ ਜ਼ਿੰਮੇਵਾਰੀ ਬਣਦੀ ਹੈ ਕਿ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਸਰਾਵਾਂ ਅਤੇ ਪੰਥਕ ਮਰਯਾਦਾ ਨਾਲ ਸਬੰਧਤ ਮਾਮਲਿਆਂ ਵਿੱਚ ਸੰਗਤ ਦੀਆਂ ਭਾਵਨਾਵਾਂ ਅਤੇ ਪੰਥਕ ਸਿਧਾਂਤਾਂ ਦੀ ਰਾਖੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਪ੍ਰਧਾਨ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਫਲ ਰਹੇ ਹਨ ਤਾਂ ਉਨ੍ਹਾਂ ਨੂੰ ਤੁਰੰਤ ਅਸਤੀਫ਼ਾ ਦੇ ਕੇ ਪੰਥ ਪ੍ਰਤੀ ਆਪਣੀ ਜਵਾਬਦੇਹੀ ਸਵੀਕਾਰ ਕਰਨੀ ਚਾਹੀਦੀ ਹੈ। ਜਥੇਦਾਰ ਬਲਦੇਵ ਸਿੰਘ ਨੇ ਕਿਹਾ ਕਿ ਪੰਥਕ ਸੰਸਥਾਵਾਂ ਦੇ ਅਹੁਦੇ ਸਿਰਫ਼ ਪ੍ਰਬੰਧਕੀ ਅਹੁਦੇ ਨਹੀਂ ਹੁੰਦੇ, ਸਗੋਂ ਇਹ ਗੁਰੂ ਪੰਥ ਅਤੇ ਸੰਗਤ ਦੀ ਅਮਾਨਤ ਹਨ। ਇਸ ਲਈ ਅਹੁਦੇਦਾਰਾਂ ਤੋਂ ਪੰਥਕ ਮਰਯਾਦਾ ਅਤੇ ਸਿੱਖ ਸਿਧਾਂਤਾਂ ਦੀ ਰਾਖੀ ਲਈ ਦ੍ਰਿੜ੍ਹਤਾ ਅਤੇ ਜਵਾਬਦੇਹੀ ਦੀ ਉਮੀਦ ਕੀਤੀ ਜਾਂਦੀ ਹੈ। ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਐਕਟਿੰਗ ਜਥੇਦਾਰ ਅਤੇ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਭੂਮਿਕਾ ’ਤੇ ਵੀ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਜਥੇਦਾਰਾਂ ਦੀ ਮੁੱਖ ਜ਼ਿੰਮੇਵਾਰੀ ਪੰਥਕ ਮਰਯਾਦਾ ਅਤੇ ਸਿੱਖ ਸਿਧਾਂਤਾਂ ਦੀ ਰਾਖੀ ਕਰਨੀ ਹੈ। ਜੇਕਰ ਅਜਿਹੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਲੋੜੀਂਦੀ ਦ੍ਰਿੜ੍ਹਤਾ ਅਤੇ ਸਪਸ਼ਟਤਾ ਨਾਲ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਇਸ ਦੀ ਵੀ ਪੰਥਕ ਪੱਧਰ ’ਤੇ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਥਕ ਮਰਯਾਦਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪੰਥਕ ਸੰਸਥਾਵਾਂ ਵਿੱਚ ਬੈਠੇ ਹਰ ਅਹੁਦੇਦਾਰ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਦ੍ਰਿੜ੍ਹਤਾ ਨਾਲ ਨਿਭਾਉਣੀ ਚਾਹੀਦੀ ਹੈ। ਜਥੇਦਾਰ ਬਲਦੇਵ ਸਿੰਘ ਨੇ ਮੰਗ ਕੀਤੀ ਕਿ ਸਰਾਵਾਂ ਵਿੱਚ ਵਾਪਰੀਆਂ ਘਟਨਾਵਾਂ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕਰਵਾਈ ਜਾਵੇ, ਜ਼ਿੰਮੇਵਾਰ ਵਿਅਕਤੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਠੋਸ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਹੁਣ ਸਮਾਂ ਸਿਰਫ਼ ਬਿਆਨ ਜਾਰੀ ਕਰਨ ਦਾ ਨਹੀਂ, ਸਗੋਂ ਪੰਥਕ ਜਵਾਬਦੇਹੀ ਤੈਅ ਕਰਨ ਅਤੇ ਲੋੜੀਂਦੀ ਕਾਰਵਾਈ ਕਰਨ ਦਾ ਹੈ। **— ਜਥੇਦਾਰ ਬਲਦੇਵ ਸਿੰਘ, ਅੰਮ੍ਰਿਤ ਸੰਚਾਰ ਜਥਾ**



### ਸਰਾਵਾਂ ਵਿੱਚ ਵਾਪਰੀਆਂ ਘਟਨਾਵਾਂ ਨੇ ਪੰਥਕ ਮਰਯਾਦਾ ਅਤੇ ਸੰਸਥਾਗਤ ਜਵਾਬਦੇਹੀ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ

## ਸ਼ਿਵ ਸੈਨਾ ਆਗੂ ਦੇ ਭਰਾ ਦੀ ਸ਼ੱਕੀ ਹਾਲਤ ’ਚ ਮੌਤ, ਘਰੋਂ ਮਿਲੀ ਖ਼ੂਨ ਨਾਲ ਲਥਪਥ ਲਾਸ਼

**ਪਠਾਨਕੋਟ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼ਿਵ ਸੈਨਾ ਹਿੰਦੂ ਕੋਰ ਕਮੇਟੀ ਦੇ ਰਾਸ਼ਟਰੀ ਚੇਅਰਮੈਨ ਰਵੀ ਸ਼ਰਮਾ ਦੇ ਛੋਟੇ ਭਰਾ ਜਤਿੰਦਰ ਸ਼ਰਮਾ (35) ਵਾਸੀ ਲਕਸ਼ਮੀ ਗਾਰਡਨ ਕਲੋਨੀ, ਢਾਕੀ, ਪਠਾਨਕੋਟ ਦੀ ਸ਼ਨੀਵਾਰ ਨੂੰ ਸ਼ੱਕੀ ਹਾਲਾਤ ਵਿੱਚ ਮੌਤ ਹੋ ਗਈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸ਼ਿਵ ਸੈਨਾ ਆਗੂ ਰਵੀ ਸ਼ਰਮਾ ਨੇ ਦੱਸਿਆ, “ਮੈਂ ਸ਼ਨੀਵਾਰ ਨੂੰ ਕਿਸੇ ਕੰਮ ਲਈ ਪਿੰਡ ਬੰਗਲ ਗਿਆ ਸੀ। ਦੁਪਹਿਰ ਕਰੀਬ 3:55 ਵਜੇ ਮੇਰੀ ਛੋਟੀ ਭਰਜਾਈ ਨੇ ਫੋਨ ਕਰਕੇ ਦੱਸਿਆ ਕਿ ਜਤਿੰਦਰ ਆਪਣੇ ਬੈੱਡਰੂਮ ਵਿੱਚ ਜ਼ਖ਼ਮੀ ਹਾਲਤ ਵਿੱਚ ਪਿਆ ਹੈ। ਅਸੀਂ ਉਸਨੂੰ ਸਰਨਾ ਦੇ ਇੱਕ ਨਿੱਜੀ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਦੱਸਿਆ ਕਿ ਉਸਦੀ ਹਸਪਤਾਲ ਲਿਆਉਣ ਤੋਂ ਇੱਕ ਘੰਟਾ ਪਹਿਲਾਂ ਹੀ ਮੌਤ ਹੋ ਚੁੱਕੀ ਸੀ।”ਰਵੀ ਸ਼ਰਮਾ ਨੇ ਦੱਸਿਆ ਕਿ ਘਟਨਾ ਵੇਲੇ ਜਤਿੰਦਰ ਦੀ ਪਤਨੀ ਸੋਨਾਲੀ ਸ਼ਰਮਾ ਸੁਜਾਨਪੁਰ ਵਿੱਚ ਆਪਣੇ ਮਾਪਿਆਂ ਦੇ ਘਰ ਗਈ ਹੋਈ ਸੀ ਅਤੇ ਜਤਿੰਦਰ ਘਰ ਵਿੱਚ ਇਕੱਲਾ ਸੀ। ਉਨ੍ਹਾਂ ਦੋਸ਼ ਲਾਇਆ ਕਿ ਉਸਦੇ ਭਰਾ ਦਾ ਕਤਲ ਕੀਤਾ ਗਿਆ ਹੈ, ਕਿਉਂਕਿ ਉਸਦੇ ਸਰੀਰ ’ਤੇ ਸੱਟਾਂ ਦੇ ਨਿਸ਼ਾਨ ਸਨ। ਸਿਵਲ ਹਸਪਤਾਲ ਵਿੱਚ ਤਿੰਨ ਡਾਕਟਰਾਂ ਦੇ ਪੈਨਲ ਵੱਲੋਂ ਪੋਸਟਮਾਰਟਮ ਕੀਤਾ ਗਿਆ ਅਤੇ ਐਤਵਾਰ ਨੂੰ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਰਵੀ ਸ਼ਰਮਾ ਨੇ ਕਿਹਾ ਕਿ ਸਬੂਤਾਂ ਦੇ ਆਧਾਰ ’ਤੇ ਕਰਨ ਨਾਮ ਦੇ ਇੱਕ ਵਿਅਕਤੀ ਨੂੰ ਦੁਪਹਿਰ 2:30 ਵਜੇ ਪੁਲਸ ਦੇ ਹਵਾਲੇ ਕੀਤਾ ਗਿਆ ਸੀ, ਪਰ ਸ਼ਾਮ 7:45 ਵਜੇ ਪਤਾ ਲੱਗਾ ਕਿ ਪੁਲਸ ਨੇ ਉਸਨੂੰ ਰਿਹਾਅ ਕਰ ਦਿੱਤਾ ਹੈ। ਜਦੋਂ ਇਸ ਸਬੰਧੀ ਸਟੇਸ਼ਨ ਇੰਚਾਰਜ ਨੂੰ ਫੋਨ ਕੀਤਾ ਤਾਂ ਉਸਨੇ ਫੋਨ ਨਹੀਂ ਚੁੱਕਿਆ। ਡਿਊਟੀ ’ਤੇ ਤਾਇਨਾਤ ਸਬ-ਇੰਸਪੈਕਟਰ ਹਰਪ੍ਰੀਤ ਸਿੰਘ ਨੇ ਕਿਹਾ ਕਿ ਉਸਨੂੰ ਮਾਮਲੇ ਬਾਰੇ ਕੋਈ ਜਾਣਕਾਰੀ ਨਹੀਂ ਹੈ। ਬਾਅਦ ਵਿੱਚ ਸੀਨੀਅਰ ਅਧਿਕਾਰੀਆਂ ਨਾਲ ਗੱਲ ਕਰਨ ’ਤੇ 15 ਮਿੰਟ ਬਾਅਦ ਸਟੇਸ਼ਨ ਇੰਚਾਰਜ ਵਿਜੇ ਕੁਮਾਰ ਦਾ ਫੋਨ ਆਇਆ ਅਤੇ ਉਸਨੇ ਕਿਹਾ, “ਅਸੀਂ ਉਸਨੂੰ ਦੁਬਾਰਾ ਹਿਰਾਸਤ ਵਿੱਚ ਲੈ ਰਹੇ ਹਾਂ, ਤੁਸੀਂ ਅੱਧੇ ਘੰਟੇ ਵਿੱਚ ਥਾਣੇ ਆ ਜਾਓ।” ਰਵੀ ਸ਼ਰਮਾ ਨੇ ਪੁਲਸ ਦੀ ਇਸ ਕਾਰਵਾਈ ਦਾ ਸਖ਼ਤ ਵਿਰੋਧ ਕਰਦਿਆਂ ਐਸਐਸਪੀ ਪਠਾਨਕੋਟ ਤੋਂ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ ਤਾਂ ਜੋ ਦੋਸ਼ੀ ਅਤੇ ਉਸਦੇ ਸਾਥੀਆਂ ਨੂੰ ਫੜ ਕੇ ਇਨਸਾਫ਼ ਦਿੱਤਾ ਜਾ ਸਕੇ।



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।


ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪਵਿੱਤਰ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਰੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਰੋਂ, ਜ: ਮਹਿਤਾਬ ਸਿੰਘ ਵਿਰੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਪੰਜ ਪੁੱਤਰ ਗੁਆ ਚੁੱਕੀ ਮਾਂ ਦੇ ਵੈਣ 'ਆਪ' ਸਰਕਾਰ ਦੇ

# ਨਸ਼ਾ ਮੁਕਤੀ ਦਾਅਵਿਆਂ ਦੀ ਪੋਲ ਖੋਲ੍ਹਦੇ ਹਨ: ਵਿਜੇ ਸਾਂਪਲਾ



**ਸੁਲਤਾਨਪੁਰ ਲੋਧੀ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਸਾਬਕਾ ਕੇਂਦਰੀ ਮੰਤਰੀ ਅਤੇ ਸਾਬਕਾ ਚੇਅਰਮੈਨ ਐਸਸੀ ਕਮਿਸ਼ਨ ਵਿਜੇ ਸਾਂਪਲਾ ਨੇ ਭਗਵੰਤ ਮਾਨ ਸਰਕਾਰ 'ਤੇ ਨਸ਼ਿਆਂ ਦੇ ਮੁੱਦੇ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸਰਕਾਰ ਦੇ ਅੰਕੜੇ ਅਤੇ ਦਾਅਵੇ ਭਾਵੇਂ ਕਿੰਨੇ ਵੀ ਵੱਡੇ ਹੋਣ, ਪਰ ਪੰਜਾਬ ਦੀਆਂ ਗਲੀਆਂ, ਘਰਾਂ ਅਤੇ ਮਾਵਾਂ ਦੇ ਵੈਣ ਜ਼ਮੀਨੀ ਹਕੀਕਤ ਬਿਆਨ ਕਰ ਰਹੇ ਹਨ।

ਸਾਂਪਲਾ ਨੇ ਸੁਲਤਾਨਪੁਰ ਲੋਧੀ ਦੀ ਬੀਬੀ ਮਨਜੀਤ ਕੌਰ ਦਾ ਦਰਦ ਸਾਂਝਾ ਕਰਦਿਆਂ ਕਿਹਾ ਕਿ ਜਿਸ ਮਾਂ ਨੇ ਆਪਣੇ ਪੰਜ ਜਵਾਨ ਪੁੱਤਰ ਨਸ਼ਿਆਂ ਦੀ ਭੇਟ ਚੜ੍ਹਦੇ ਦੇਖੇ, ਉਸ ਦਾ ਦਰਦ ਕਿਸੇ ਸਰਕਾਰੀ ਅੰਕੜੇ ਨਾਲ ਨਹੀਂ ਮਾਪਿਆ ਜਾ ਸਕਦਾ। ਜਿਸ ਉਮਰ ਵਿੱਚ ਮਾਵਾਂ ਆਪਣੇ ਪੁੱਤਰਾਂ ਨੂੰ ਘਰ ਦੀਆਂ ਖੁਸ਼ੀਆਂ ਅਤੇ ਬੁਢਾਪੇ ਦਾ ਸਹਾਰਾ ਬਣਦੇ ਦੇਖਣਾ ਚਾਹੁੰਦੀਆਂ ਹਨ, ਉਸ ਉਮਰ ਵਿੱਚ ਮਨਜੀਤ ਕੌਰ ਨੂੰ ਆਪਣੇ ਪੁੱਤਰਾਂ ਦੀਆਂ ਤਸਵੀਰਾਂ ਨਾਲ ਖੜ੍ਹਨਾ ਪੈ ਰਿਹਾ ਹੈ। ਇਹ ਸਿਰਫ਼ ਇੱਕ ਮਾਂ ਦਾ ਦਰਦ ਨਹੀਂ, ਇਹ ਪੰਜਾਬ ਦੀ ਹਰ ਉਸ ਮਾਂ ਦਾ ਦਰਦ ਹੈ ਜਿਸ ਨੇ ਨਸ਼ਿਆਂ ਕਾਰਨ ਆਪਣਾ ਪੁੱਤਰ ਗੁਆਇਆ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸਰਕਾਰ ਬਣਾਉਣ ਤੋਂ ਪਹਿਲਾਂ ਨਸ਼ਾ ਤਿੰਨ ਮਹੀਨਿਆਂ ਵਿੱਚ ਖਤਮ ਕਰਨ ਦਾ ਵਾਅਦਾ ਕੀਤਾ ਸੀ, ਪਰ ਸਾਢੇ ਚਾਰ ਸਾਲ ਬਾਅਦ ਵੀ ਨਸ਼ਾ ਪੰਜਾਬ ਦੀਆਂ ਗਲੀਆਂ ਵਿੱਚ ਖੁੱਲ੍ਹੇਆਮ ਵਿਕ ਰਿਹਾ ਹੈ। ਜੇਕਰ ਸਰਕਾਰ ਦੇ ਦਾਅਵੇ ਸੱਚੇ ਹਨ ਤਾਂ ਹੋਮ ਡਿਲੀਵਰੀ, ਗਲੀਆਂ ਵਿੱਚ ਨਸ਼ੇ ਦੀ ਵਿਕਰੀ ਅਤੇ ਨਸ਼ਾ ਵੇਚਣ ਵਾਲਿਆਂ ਦੇ ਸ਼ਰੇਆਮ ਸ਼ਿਕਾਇਤਾਂ ਕਿਉਂ ਆ ਰਹੀਆਂ ਹਨ ? ਸਿਰਫ਼ ਗ੍ਰਿਫ਼ਤਾਰੀਆਂ ਦੀ ਗਿਣਤੀ ਦੱਸਣ ਨਾਲ ਨਸ਼ਾ ਖਤਮ ਨਹੀਂ ਹੁੰਦਾ; ਅਸਲ ਸਵਾਲ ਨਸ਼ੇ ਦੀ ਸਪਲਾਈ ਚੇਨ, ਵੱਡੇ ਤਸਕਰਾਂ ਅਤੇ ਉਨ੍ਹਾਂ ਦੇ ਸਰਪ੍ਰਸਤਾਂ 'ਤੇ ਕਾਰਵਾਈ ਦਾ ਹੈ।

ਸਾਂਪਲਾ ਨੇ ਕਿਹਾ ਕਿ ਸਭ ਤੋਂ ਦੁਖਦਾਈ ਗੱਲ ਇਹ ਹੈ ਕਿ ਜਦੋਂ ਕੋਈ ਆਮ ਪੰਜਾਬੀ ਨਸ਼ਾ ਤਸਕਰੀ ਵਿਰੁੱਧ ਪੁਲਿਸ ਕੋਲ ਸ਼ਿਕਾਇਤ ਲੈ ਕੇ ਜਾਂਦਾ ਹੈ ਅਤੇ ਉਸ ਤੋਂ ਬਾਅਦ ਉਸ ਨੂੰ ਧਮਕੀਆਂ ਮਿਲਦੀਆਂ ਹਨ ਜਾਂ ਉਸ ਦੀ ਜਾਨ ਚਲੀ ਜਾਂਦੀ ਹੈ, ਤਾਂ ਇਹ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਤਰਨ ਤਾਰਨ ਵਿੱਚ ਨਸ਼ੇ ਦੀ ਸ਼ਿਕਾਇਤ ਕਰਨ ਤੋਂ ਬਾਅਦ ਇੱਕ ਵਿਅਕਤੀ ਦੀ ਮੌਤ ਦੇ ਮਾਮਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਜੋ ਪੰਜਾਬੀ ਨਸ਼ੇ ਵਿਰੁੱਧ ਆਵਾਜ਼ ਉਠਾਏ, ਉਸ ਦੀ ਰੱਖਿਆ ਕਰਨਾ ਸਰਕਾਰ ਦੀ ਪਹਿਲੀ ਜ਼ਿੰਮੇਵਾਰੀ ਹੈ।

'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਵਿਰੋਧ ਵਿੱਚ ਕਾਲੇ ਝੰਡੇ ਦਿਖਾਉਣ ਵਾਲਿਆਂ 'ਤੇ ਨਿਸ਼ਾਨਾ ਸਾਧਦਿਆਂ ਸਾਂਪਲਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦਾ ਵਿਰੋਧ ਪੰਜਾਬ ਦੇ ਹਿੱਤ ਵਿੱਚ ਨਹੀਂ ਹੋ ਸਕਦਾ।

ਉਨ੍ਹਾਂ ਕਿਹਾ ਕਿ ਪੰਜਾਬ ਗੁਰੂ ਨਾਨਕ ਦੇਵ ਜੀ ਦੀ ਧਰਤੀ ਹੈ, ਜਿੱਥੇ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ ਦਾ ਸੰਦੇਸ਼ ਮਿਲਿਆ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਵਰਗੇ ਨੌਜਵਾਨਾਂ ਨੇ ਦੇਸ਼ ਲਈ ਕੁਰਬਾਨੀ ਦੀ ਮਿਸਾਲ ਕਾਇਮ ਕੀਤੀ। ਪਰ ਅੱਜ ਪੰਜਾਬ ਦੀਆਂ ਮਾਵਾਂ ਆਪਣੇ ਜਵਾਨ ਪੁੱਤਰਾਂ ਦੀਆਂ ਲਾਸ਼ਾਂ ਨੂੰ ਮੋਢਾ ਦੇ ਰਹੀਆਂ ਹਨ। ਇੱਕ ਪਾਸੇ ਭਗਤ ਸਿੰਘ ਨੌਜਵਾਨਾਂ ਦਾ ਆਦਰਸ਼ ਹੈ, ਦੂਜੇ ਪਾਸੇ ਨਸ਼ੇ ਨਾਲ ਬਰਬਾਦ ਹੋ ਰਹੀ ਨੌਜਵਾਨ ਪੀੜ੍ਹੀ—ਇਹ ਵਿਰੋਧਾਭਾਸ ਪੰਜਾਬ ਦੀ ਮੌਜੂਦਾ ਤ੍ਰਾਸਦੀ ਹੈ।

ਸਾਂਪਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਨਸ਼ਾ ਮੁਕਤ ਭਾਰਤ ਦਾ ਸੰਕਲਪ ਲਿਆ ਗਿਆ ਹੈ। ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਕੇਂਦਰ ਅਤੇ ਪੰਜਾਬ ਦੇ ਲੋਕਾਂ ਦੇ ਸਾਂਝੇ ਯਤਨਾਂ ਦੀ ਲੋੜ ਹੈ। 2027 ਵਿੱਚ ਪੰਜਾਬ ਨੂੰ ਨਸ਼ਿਆਂ ਦੇ ਖ਼ਿਲਾਫ਼ ਨਿਰਣਾਇਕ ਜਨ-ਅਭਿਆਨ ਵਿੱਚ ਬਦਲਣਾ ਹੋਵੇਗਾ।

ਉਨ੍ਹਾਂ ਕਿਹਾ, "ਸਾਨੂੰ ਅੰਕੜਿਆਂ ਦੀ ਨਹੀਂ, ਪੰਜਾਬ ਦੀਆਂ ਮਾਵਾਂ ਦੇ ਚਿਹਰਿਆਂ 'ਤੇ ਮੁੜ ਮੁਸਕਾਨ ਚਾਹੀਦੀ ਹੈ। ਮਨਜੀਤ ਕੌਰ ਵਰਗੀ ਕੋਈ ਹੋਰ ਮਾਂ ਆਪਣੇ ਪੰਜ ਪੁੱਤਰ ਨਾ ਗੁਆਏ—ਇਹੀ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਅਸਲ ਸੰਕਲਪ ਹੈ।"

### 'ਆਪ' ਸਰਕਾਰ ਨੇ ਰੰਗਲੇ ਪੰਜਾਬ ਨੂੰ ਨਸ਼ਿਆਂ ਵਾਲਾ ਪੰਜਾਬ ਬਣਾਇਆ, ਹੁਣ ਝਾੜੂ ਦਾ ਤੀਲਾ-ਤੀਲਾ ਖਿਲਾਰਨ ਦਾ ਸਮਾਂ: ਅਸੀਮ ਗੋਇਲ

ਇਸ ਮੌਕੇ ਹਰਿਆਣਾ ਦੇ ਸਾਬਕਾ ਮੰਤਰੀ ਅਸੀਮ ਗੋਇਲ ਨੇ ਭਗਵੰਤ ਮਾਨ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ 'ਬਦਲਾਅ' ਦੇ ਨਾਮ 'ਤੇ ਸੱਤਾ ਵਿੱਚ ਆਈ 'ਆਪ' ਸਰਕਾਰ ਨੇ ਪੰਜਾਬ ਦਾ ਰੰਗ ਨਹੀਂ ਬਦਲਿਆ, ਸਗੋਂ ਪੰਜਾਬ ਦੀ ਨੌਜਵਾਨੀ ਦਾ ਭਵਿੱਖ ਨਸ਼ਿਆਂ ਨਾਲ ਬਰਬਾਦ ਕਰ ਦਿੱਤਾ। ਉਨ੍ਹਾਂ ਕਿਹਾ ਕਿ ਜਿਸ ਪੰਜਾਬ ਦੀ ਪਛਾਣ ਗੁਰੂਆਂ ਦੀ ਬਾਣੀ, ਕਿਸਾਨੀ, ਮਿਹਨਤ ਅਤੇ ਬਹਾਦਰ ਗੱਭਰੂਆਂ ਨਾਲ ਸੀ, ਅੱਜ ਉਸੇ ਪੰਜਾਬ ਦੀਆਂ ਮਾਵਾਂ ਆਪਣੇ ਜਵਾਨ ਪੁੱਤਰਾਂ ਦੀਆਂ ਲਾਸ਼ਾਂ 'ਤੇ ਵੈਣ ਪਾ ਰਹੀਆਂ ਹਨ। ਸੁਲਤਾਨਪੁਰ ਲੋਧੀ ਦੀ ਬੀਬੀ ਮਨਜੀਤ ਕੌਰ ਵੱਲੋਂ ਆਪਣੇ ਪੰਜ ਪੁੱਤਰ ਨਸ਼ਿਆਂ ਦੀ ਭੇਟ ਚੜ੍ਹ ਜਾਣ ਦਾ ਦਰਦ ਬਿਆਨ ਕਰਨਾ ਪੰਜਾਬ ਦੀ ਤ੍ਰਾਸਦੀ ਦੀ ਸਭ ਤੋਂ ਭਿਆਨਕ ਤਸਵੀਰ ਹੈ। ਗੋਇਲ ਨੇ ਕਿਹਾ ਕਿ ਜਿਸ ਮਾਂ ਦੇ ਕਿਸੇ ਪੁੱਤਰ ਨੇ 30 ਸਾਲ ਦੀ ਉਮਰ ਵੀ ਪਾਰ ਨਾ ਕੀਤੀ ਹੋਵੇ, ਉਸ ਮਾਂ ਦੇ ਦਰਦ ਅੱਗੇ ਸਰਕਾਰ ਦੇ ਸਾਰੇ ਅੰਕੜੇ ਅਤੇ ਦਾਅਵੇ ਬੇਮਾਇਨੇ ਹਨ।

ਗੋਇਲ ਨੇ ਕਿਹਾ ਕਿ ਨਸ਼ਾ ਖਤਮ ਕਰਨ ਦਾ ਵਾਅਦਾ ਕਰਨ ਵਾਲੀ ਸਰਕਾਰ ਨੂੰ ਹੁਣ ਪੰਜਾਬੀਆਂ ਨੂੰ ਜਵਾਬ ਦੇਣਾ ਪਵੇਗਾ ਕਿ ਨਸ਼ਾ ਅਜੇ ਵੀ ਗਲੀਆਂ ਵਿੱਚ ਕਿਉਂ ਵਿਕ ਰਿਹਾ ਹੈ ਅਤੇ ਨਸ਼ੇ ਦੀ ਹੋਮ ਡਿਲੀਵਰੀ ਦੀਆਂ ਗੱਲਾਂ ਕਿਉਂ ਸਾਹਮਣੇ ਆ ਰਹੀਆਂ ਹਨ ? ਉਨ੍ਹਾਂ ਕਿਹਾ ਕਿ ਸਿਰਫ਼ ਗ੍ਰਿਫ਼ਤਾਰੀਆਂ ਦੇ ਅੰਕੜੇ ਜਾਰੀ ਕਰਨ ਨਾਲ ਨਸ਼ਾ ਖਤਮ ਨਹੀਂ ਹੁੰਦਾ; ਨਸ਼ੇ ਦੇ ਕਾਰੋਬਾਰ ਦੀਆਂ ਜੜ੍ਹਾਂ ਅਤੇ ਸਪਲਾਈ ਚੇਨ 'ਤੇ ਵਾਰ ਕਰਨਾ ਪਵੇਗਾ। ਉਨ੍ਹਾਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨਾਲ ਕਥਿਤ ਧਮਕੀਆਂ ਅਤੇ ਹਿੰਸਾ ਦੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇਕਰ ਨਸ਼ਾ ਮਾਫੀਆ ਵਿਰੁੱਧ ਸ਼ਿਕਾਇਤ ਕਰਨ ਵਾਲਾ ਪੰਜਾਬੀ ਹੀ ਸੁਰੱਖਿਅਤ ਨਹੀਂ, ਤਾਂ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਤੇ ਸਵਾਲ ਉੱਠਣੇ ਸੁਭਾਵਿਕ ਹਨ। ਕਾਲੇ ਝੰਡੇ ਦਿਖਾ ਕੇ ਨਸ਼ਾ ਮੁਕਤੀ ਯਾਤਰਾ ਦਾ ਵਿਰੋਧ ਕਰਨ ਵਾਲਿਆਂ 'ਤੇ ਵੀ ਗੋਇਲ ਨੇ ਸਵਾਲ ਚੁੱਕਦਿਆਂ ਕਿਹਾ ਕਿ ਪੰਜਾਬ ਦੇ ਹਿੱਤ ਵਿੱਚ ਖੜ੍ਹਾ ਕੋਈ ਵੀ ਵਿਅਕਤੀ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦਾ ਵਿਰੋਧ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ "ਪੰਜਾਬ ਨੂੰ ਦਲਦਲ ਵਿੱਚ ਧੱਕਣ ਵਾਲਾ ਝਾੜੂ ਇਸ ਦਲਦਲ ਨੂੰ ਸਾਫ਼ ਨਹੀਂ ਕਰ ਸਕਦਾ; ਪੰਜਾਬ ਵਿੱਚ ਕਮਲ ਖਿੜਾਉਣਾ ਪਵੇਗਾ।" ਉਨ੍ਹਾਂ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਨਸ਼ਿਆਂ ਦੇ ਮੁੱਦੇ 'ਤੇ ਆਪਣਾ ਫ਼ੈਸਲਾ ਕਰਨ ਅਤੇ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਇਕਜੁੱਟ ਹੋਣ। ਪੰਜਾਬ ਭਾਜਪਾ ਦੇ ਉਪ ਪ੍ਰਧਾਨ ਅਤੇ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਕੋਆਰਡੀਨੇਟਰ ਰਵੀਕਰਨ ਸਿੰਘ ਕਾਹਲੋਂ, ਨੇ ਕਿਹਾ ਕਿ ਪੰਜਾਬ ਨੂੰ ਇਸ ਨਸ਼ੇ ਦੀ ਦਲਦਲ ਵਿੱਚੋਂ ਕੱਢਣ ਲਈ ਹੁਣ ਸਿਆਸੀ ਨਹੀਂ, ਨਿਰਣਾਇਕ ਲੜਾਈ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਸੰਕਲਪ ਸਪਸ਼ਟ ਹੈ—"ਨਸ਼ਾ ਮੁਕਾਉਣਾ ਸਾਰਾ" ਅਤੇ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਨਸ਼ਿਆਂ ਅਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਨੂੰ ਸਭ ਤੋਂ ਪਹਿਲੀ ਤਰਜੀਹ ਦਿੱਤੀ ਜਾਵੇਗੀ। "ਹੁਣ ਪੰਜਾਬ ਨੂੰ ਨਸ਼ਿਆਂ ਵਾਲਾ ਨਹੀਂ, ਮੁੜ ਰੰਗਲਾ ਪੰਜਾਬ ਬਣਾਉਣਾ ਹੈ," ਉਨ੍ਹਾਂ ਕਿਹਾ।

ਇਸ ਮੌਕੇ ਮਨਜੀਤ ਸਿੰਘ ਰਾਏ, ਸੂਰਜ ਭਾਰਦਵਾਜ, ਚੇਤਨ ਸੂਰੀ (ਜ਼ਿਲ੍ਹਾ ਪ੍ਰਧਾਨ), ਰਾਕੇਸ਼ ਕੁਮਾਰ ਨੀਟੂ (ਹਲਕਾ ਇੰਚਾਰਜ) ਅਤੇ ਲਖਪਤ ਰਾਏ ਪ੍ਰਭਾਕਰ ਸਮੇਤ ਹੋਰ ਭਾਜਪਾ ਆਗੂ ਤੇ ਵਰਕਰ ਮੌਜੂਦ ਸਨ।

### ਮਾਮਲਾ ਪਿੰਡ ਜੋਧੇ ਲੋਕਾਂ ਵੱਲੋਂ ਦੂਸ਼ਿਤ ਪਾਣੀ ਪੀਣ ਦਾ,ਸ਼ੁੱਧ ਪਾਣੀ ਵਸਨੀਕਾਂ ਦੀ ਪਹੁੰਚ ਤੋਂ ਦੂਰ

# ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਦਿੱਤਾ ਦਖਲ

ਚੌਕ ਮਹਿਤਾ,28,ਸਤੰਬਰ( ਬਾਬਾ ਸੁਖਵੰਤ ਸਿੰਘ ਚੰਨਣਕੇ) ਪਿੰਡ ਜੋਧੇ 'ਚ ਸਰਕਾਰੀ ਟੂਟੀ ਰਾਹੀਂ ਪਿੰਡ ਵਾਸੀਆਂ ਨੂੰ ਪੀਣ ਲਈ ਮਿਲਣ ਵਾਲਾ ਪਾਣੀ ਸ਼ੁੱਧ ਪਾਣੀ ਪਿੰਡ ਵਾਲਿਆਂ ਦੀ ਪਹੁੰਚ ਤੋਂ ਦੂਰ ਹੋ ਗਿਆ ਹੈ। ਦੱਸਣਾ ਬਣਦਾ ਹੈ ਕਿ 60 ਦਿਨਾਂ ਤੋਂ ਜਲ ਸਪਲਾਈ ਯੋਜਨਾ ਠੱਪ ਹੋ ਚੁੱਕੀ ਹੈ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਪਿੰਡ ਜੋਧੇ ਦੇ ਗ੍ਰਾਮ ਸਭਾ ਦੇ ਮੈਂਬਰ ਅਤੇ ਘੱਟ ਗਿਣਤੀ ਲੋਕ



ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸ਼ੁੱਧ ਪਾਣੀ ਦੀ ਬੂੰਦ ਬੂੰਦ ਨੂੰ ਤਰਸਦੇ ਗਰੀਬ ਪਰੀਵਾਰਾਂ ਦੀ ਤਰਸਯੋਗ ਹਾਲਤ ਨੂੰ ਦੇਖਦਿਆਂ ਹੋਇਆਂ ਦੂਸ਼ਿਤ ਪਾਣੀ ਪੀ ਕੇ ਬਿਮਾਰੀਆਂ ਤੋਂ ਗ੍ਰਸਤ ਹੋਣ ਵਾਲੇ ਲੋਕਾਂ ਨੂੰ ਬਚਾਉਂਣ ਲਈ ਉਨ੍ਹਾ ਨੇ 22 ਸਤੰਬਰ 2026 ਨੂੰ ਪਿੰਡ ਵਾਲਿਆਂ ਦੀ ਮੁਸ਼ਿਕਲ ਨੂੰ ਉਜ਼ਾਗਰ ਕਰਦੀ ਲੋਕ ਹਿੱਤ 'ਚ ਅਪੀਲ ਜਿਉਂ ਹੀਂ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ੍ਰ ਜਤਿੰਦਰ ਸਿੰਘ ਸ਼ੰਟੀ ਦੇ ਧਿਆਨ 'ਚ ਲਿਆਂਦੀ ਤਾਂ ਉਨ੍ਹਾ ਨੇ ਮਾਮਲੇ ਨੂੰ ਸੰਜੀਦਗੀਂ ਨਾਲ ਲੈਂਦਿਆਂ 1 ਅਕਤੂਬਰ 2026 ਤੱਕ ਵਿਭਾਗ ਨੂੰ ਨੋਟਿਸ ਜਾਰੀ ਕਰਕੇ ਸ਼ੁੱਧ ਪਾਣੀ ਦੀ ਰੁਕੀ ਹੋਈ ਸਪਲਾਈ ਦੇ ਮਾਮਲੇ ਵਿੱਚ ਸਬੰਧਿਤ ਅਧਿਕਾਰੀ ਪਾਸੋਂ ਸਟੇਟਸ ਰਿਪੋਰਟ ਮੰਗ ਲਈ ਹੈ।

## ਨਸ਼ਿਆਂ ਦੀ ਦਲਦਲ 'ਚ ਧੱਸ ਰਹੀ ਨੌਜਵਾਨੀ, ਸਿੱਖੀ ਤੋਂ ਟੁੱਟਦਾ ਸਰੋਕਾਰ, ਪੰਥ ਲਈ ਵਡੀ ਚਿੰਤਾ ਦਾ ਵਿਸ਼ਾ — ਗਿਆਨੀ ਕਰਤਾਰ ਸਿੰਘ



**ਨਵੀਂ ਦਿੱਲੀ 28 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੇ ਨਰਾਇਣਾ ਵਿਹਾਰ ਵਿਖੇ ਮੁੱਖ ਗ੍ਰੰਥੀ ਦੀ ਸੇਵਾ ਨਿਭਾਅ ਰਹੇ ਗਿਆਨੀ ਕਰਤਾਰ ਸਿੰਘ ਨੇ ਨੌਜਵਾਨੀ ਵਿੱਚ ਵੱਧ ਰਹੇ ਨਸ਼ਿਆਂ ਅਤੇ ਸਿੱਖੀ ਸਰੂਪ ਤੋਂ ਦੂਰੀ ਦੇ ਰੁਝਾਨ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਿਰਫ਼ ਕਿਸੇ ਇੱਕ ਨੌਜਵਾਨ ਦੀ ਸਮੱਸਿਆ ਨਹੀਂ, ਸਗੋਂ ਪਰਿਵਾਰ, ਸਮਾਜ ਅਤੇ ਧਾਰਮਿਕ ਸੰਸਥਾਵਾਂ ਲਈ ਗੰਭੀਰ ਚਿੰਤਨ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਜੇ ਅਸੀਂ ਅੱਜ ਵੀ ਨੌਜਵਾਨਾਂ ਦੇ ਸਵਾਲਾਂ, ਉਨ੍ਹਾਂ ਦੀਆਂ ਉਲਝਣਾਂ ਅਤੇ ਉਨ੍ਹਾਂ ਦੇ ਬਦਲ ਰਹੇ ਮਾਹੌਲ ਨੂੰ ਸਮਝਣ ਦੀ ਬਜਾਏ ਸਿਰਫ਼ ਉਨ੍ਹਾਂ ਨੂੰ ਨਸੀਹਤਾਂ ਦਿੰਦੇ ਰਹੇ ਤਾਂ ਆਉਣ ਵਾਲਾ ਸਮਾਂ ਹੋਰ ਚੁਣੌਤੀਪੂਰਨ ਹੋ ਸਕਦਾ ਹੈ। ਨਸ਼ਾ ਨੌਜਵਾਨ ਤੋਂ ਸਿਰਫ਼ ਸਿਹਤ ਨਹੀਂ ਖੋਹਦਾ, ਇਹ ਉਸ ਦੀ ਸੋਚ, ਪਰਿਵਾਰਕ ਜੀਵਨ, ਸੰਗਤ ਅਤੇ ਭਵਿੱਖ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ। ਇਸ ਲਈ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਸਿਰਫ਼ ਸਰਕਾਰ ਜਾਂ ਪੁਲਿਸ ਦੀ ਜ਼ਿੰਮੇਵਾਰੀ ਨਹੀਂ, ਹਰ ਪਰਿਵਾਰ ਅਤੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਗਿਆਨੀ ਕਰਤਾਰ ਸਿੰਘ ਨੇ ਕਿਹਾ ਕਿ ਨੌਜਵਾਨੀ ਦੇ ਸਿੱਖੀ ਸਰੂਪ ਤੋਂ ਦੂਰ ਹੋਣ ਦੇ ਪਿੱਛੇ ਕਈ ਕਾਰਨ ਹੋ ਸਕਦੇ ਹਨ। ਸਿੱਖੀ ਦੀ ਮੁੱਢਲੀ ਜਾਣਕਾਰੀ ਦੀ ਘਾਟ, ਘਰਾਂ ਵਿੱਚ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਘਟਦਾ ਸੰਬੰਧ, ਮਾੜੀ ਸੰਗਤ, ਸੋਸ਼ਲ ਮੀਡੀਆ ਦਾ ਪ੍ਰਭਾਵ ਅਤੇ ਨੌਜਵਾਨਾਂ ਨਾਲ ਖੁੱਲ੍ਹੇ ਸੰਵਾਦ ਦੀ ਘਾਟ ਇਸ ਮਾਮਲੇ ਨੂੰ ਹੋਰ ਗੰਭੀਰ ਬਣਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਇੱਕ ਬੱਚੇ ਨੂੰ ਆਪਣੀ ਪਛਾਣ ਦਾ ਅਰਥ ਹੀ ਨਹੀਂ ਸਮਝਾਇਆ ਜਾਂਦਾ ਤਾਂ ਕੇਵਲ ਇਹ ਕਹਿਣਾ ਕਿ "ਕੇਸ ਨਾ ਕੱਟੋ" ਜਾਂ "ਇਹ ਨਾ ਕਰੋ" ਉਸ ਨੂੰ ਲੰਬੇ ਸਮੇਂ ਲਈ ਨਹੀਂ ਜੋੜ ਸਕਦਾ। ਉਸ ਨੂੰ ਇਹ ਸਮਝਾਉਣ ਦੀ ਲੋੜ ਹੈ ਕਿ ਸਿੱਖੀ ਕੀ ਹੈ, ਗੁਰੂ ਨਾਲ ਉਸ ਦਾ ਰਿਸ਼ਤਾ ਕੀ ਹੈ ਅਤੇ ਸਿੱਖ ਸਰੂਪ ਪਿੱਛੇ ਕਿਹੜੀ ਸੋਚ, ਇਤਿਹਾਸ ਅਤੇ ਜ਼ਿੰਮੇਵਾਰੀ ਹੈ। ਨੌਜਵਾਨਾਂ ਦੇ ਸਵਾਲਾਂ ਤੋਂ ਭੱਜਣ ਦੀ ਬਜਾਏ ਉਨ੍ਹਾਂ ਦੇ ਸਵਾਲ ਸੁਣਨੇ ਅਤੇ ਪਿਆਰ ਤੇ ਤਰਕ ਨਾਲ ਜਵਾਬ ਦੇਣੇ ਪੈਣਗੇ। ਉਨ੍ਹਾਂ ਕਿਹਾ ਕਿ ਹੁਣ ਸਮਾਂ ਸਿਰਫ਼ ਚਿੰਤਾ ਜ਼ਾਹਿਰ ਕਰਨ ਦਾ ਨਹੀਂ, ਆਪਣੀ ਨੌਜਵਾਨੀ ਨੂੰ ਬਚਾਉਣ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨ ਦਾ ਹੈ। ਗੁਰਦੁਆਰੇ ਨੌਜਵਾਨਾਂ ਲਈ ਸਿਰਫ਼ ਮੱਥਾ ਟੇਕਣ ਦੀ ਥਾਂ ਨਾ ਰਹਿਣ, ਸਗੋਂ ਗਿਆਨ, ਖੇਡਾਂ, ਸੇਵਾ, ਵਿਚਾਰ-ਵਟਾਂਦਰੇ ਅਤੇ ਸਿੱਖ ਇਤਿਹਾਸ ਨਾਲ ਜੋੜਨ ਦੇ ਕੇਂਦਰ ਬਣਨ। ਪਰਿਵਾਰ ਬੱਚਿਆਂ ਨੂੰ ਸਿਰਫ਼ ਪੜ੍ਹਾਈ ਅਤੇ ਰੋਜ਼ਗਾਰ ਦੀ ਦੌੜ ਵਿੱਚ ਨਾ ਧੱਕਣ, ਸਗੋਂ ਉਨ੍ਹਾਂ ਨਾਲ ਬੈਠ ਕੇ ਉਨ੍ਹਾਂ ਦੀਆਂ ਗੱਲਾਂ ਸੁਣਨ। ਗਿਆਨੀ ਕਰਤਾਰ ਸਿੰਘ ਨੇ ਕਿਹਾ ਕਿ ਨੌਜਵਾਨਾਂ ਨੂੰ ਸਿੱਖੀ ਨਾਲ ਡਰ ਜਾਂ ਦਬਾਅ ਰਾਹੀਂ ਨਹੀਂ, ਪਿਆਰ, ਗਿਆਨ, ਤਰਕ ਅਤੇ ਗੁਰੂ ਨਾਲ ਅੰਦਰੂਨੀ ਜੋੜ ਰਾਹੀਂ ਜੋੜਿਆ ਜਾ ਸਕਦਾ ਹੈ। ਜੇ ਅਸੀਂ ਨੌਜਵਾਨੀ ਦੇ ਹੱਥ ਵਿੱਚ ਅੱਜ ਗਿਆਨ, ਚੰਗੀ ਸੰਗਤ ਅਤੇ ਗੁਰੂ ਨਾਲ ਜੋੜ ਨਹੀਂ ਦੇਵਾਂਗੇ ਤਾਂ ਕੱਲ੍ਹ ਉਨ੍ਹਾਂ ਨੂੰ ਨਸ਼ਿਆਂ ਅਤੇ ਭਟਕਣਾ ਤੋਂ ਬਚਾਉਣ ਲਈ ਕੀਤੀਆਂ ਕੋਸ਼ਿਸ਼ਾਂ ਕਾਫ਼ੀ ਨਹੀਂ ਹੋਣਗੀਆਂ। ਹੁਣ ਲੋੜ ਹੈ ਕਿ ਪਰਿਵਾਰ, ਗੁਰਦੁਆਰੇ ਅਤੇ ਸਮਾਜ ਇਕੱਠੇ ਹੋ ਕੇ ਨੌਜਵਾਨੀ ਲਈ ਠੋਸ ਉਪਰਾਲੇ ਕਰਨ, ਕਿਉਂਕਿ ਨੌਜਵਾਨੀ ਬਚੇਗੀ ਤਾਂ ਵਿਰਾਸਤ ਬਚੇਗੀ।

# ਸਰਨਾ ਵੱਲੋਂ ਦਿੱਲੀ ਭਾਜਪਾ ਪ੍ਰਧਾਨ ਹਰਸ਼ ਮਲਹੋਤਰਾ ਤੋਂ ਸਿਰਸਾ-ਕਾਲਕਾ ਗਠਜੋੜ ਬਾਰੇ ਸਪੱਸ਼ਟੀਕਰਨ ਦੀ ਮੰਗ



**ਨਵੀਂ ਦਿੱਲੀ, 28 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਸ਼੍ਰੋਮਣੀ ਅਕਾਲੀ ਦਲ (ਦਿੱਲੀ ਯੂਨਿਟ) ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਦਿੱਲੀ ਭਾਜਪਾ ਦੇ ਪ੍ਰਧਾਨ ਹਰਸ਼ ਮਲਹੋਤਰਾ ਨੂੰ ਪੱਤਰ ਲਿਖ ਕੇ ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਦੀ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਨਾਲ ਜੁੜੀਆਂ ਸਰਗਰਮੀਆਂ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਦੇ ਧੜੇ ਨਾਲ ਉਨ੍ਹਾਂ ਦੀ ਸਾਂਝ ਸਬੰਧੀ ਸਪੱਸ਼ਟੀਕਰਨ ਮੰਗਿਆ ਹੈ। ਸਰਨਾ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਤੋਂ ਪਹਿਲਾਂ ਸਿਰਸਾ ਵੱਲੋਂ ਕਾਲਕਾ ਧੜੇ ਦੀਆਂ ਮੀਟਿੰਗਾਂ ਅਤੇ ਹੋਰ ਚੋਣ ਸਰਗਰਮੀਆਂ ਵਿੱਚ ਕੀਤੀ ਜਾ ਰਹੀ ਸ਼ਮੂਲੀਅਤ ਇਹ ਸਵਾਲ ਖੜ੍ਹਾ ਕਰਦੀ ਹੈ ਕਿ ਕੀ ਭਾਜਪਾ ਅਤੇ ਕਾਲਕਾ-ਸਿਰਸਾ ਧੜੇ ਵਿਚਕਾਰ ਕੋਈ ਰਸਮੀ ਜਾਂ ਗੈਰ-ਰਸਮੀ ਚੋਣੀ ਸਮਝੌਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਜੇਕਰ ਅਜਿਹਾ ਕੋਈ ਗਠਜੋੜ ਹੋਇਆ ਹੈ ਤਾਂ ਭਾਜਪਾ ਨੂੰ ਇਹ ਗੱਲ ਸੰਗਤ ਸਾਹਮਣੇ ਸਪੱਸ਼ਟ ਤੌਰ 'ਤੇ ਰੱਖਣੀ ਚਾਹੀਦੀ ਹੈ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਲਈ ਆਪਣਾ ਮੈਨੀਫੈਸਟੋ ਵੀ ਜਨਤਕ ਕਰਨਾ ਚਾਹੀਦਾ ਹੈ।

ਸਰਨਾ ਨੇ ਦਿੱਲੀ ਗੁਰਦੁਆਰਾ ਕਮੇਟੀ ਦੀ ਵਿੱਤੀ ਸਥਿਤੀ ਨੂੰ ਵੀ ਮੁੱਖ ਮੁੱਦਾ ਬਣਾਉਂਦਿਆਂ ਕਿਹਾ ਕਿ ਉਨ੍ਹਾਂ ਅਨੁਸਾਰ ਕਾਲਕਾ-ਸਿਰਸਾ ਦੀ ਅਗਵਾਈ ਹੇਠ ਕਮੇਟੀ 'ਤੇ ਕਰੀਬ 600 ਕਰੋੜ ਰੁਪਏ ਦਾ ਕਰਜ਼ਾ ਹੋ ਗਿਆ ਹੈ। ਉਨ੍ਹਾਂ ਭਾਜਪਾ ਤੋਂ ਪੁੱਛਿਆ ਕਿ ਜੇਕਰ ਉਹ ਇਸ ਧੜੇ ਨਾਲ ਚੋਣੀ ਸਾਂਝ ਬਣਾਉਂਦੀ ਹੈ ਤਾਂ ਇਸ ਕਰਜ਼ੇ ਦੇ ਮਾਮਲੇ ਵਿੱਚ ਉਸ ਦੀ ਕੀ ਨੀਤੀ ਹੋਵੇਗੀ—ਕੀ ਸੁਤੰਤਰ ਆਡਿਟ ਕਰਵਾਇਆ ਜਾਵੇਗਾ, ਕਰਜ਼ੇ ਦਾ ਪੁਨਰਗਠਨ ਕੀਤਾ ਜਾਵੇਗਾ ਜਾਂ ਕੋਈ ਹੋਰ ਵਿੱਤੀ ਯੋਜਨਾ ਬਣਾਈ ਜਾਵੇਗੀ। ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਚੋਣਾਂ ਵਿੱਚ ਵੋਟ ਪਾਉਣ ਤੋਂ ਪਹਿਲਾਂ ਸੰਗਤ ਨੂੰ ਇਹ ਜਾਣਨ ਦਾ ਪੂਰਾ ਹੱਕ ਹੈ ਕਿ ਭਾਜਪਾ ਦੀ ਕਾਲਕਾ-ਸਿਰਸਾ ਧੜੇ ਨਾਲ ਕੀ ਸਾਂਝ ਹੈ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੀ ਵਿੱਤੀ ਤੇ ਪ੍ਰਬੰਧਕੀ ਸਥਿਤੀ ਬਾਰੇ ਭਾਜਪਾ ਦੀ ਸਪੱਸ਼ਟ ਨੀਤੀ ਕੀ ਹੈ। ਉਨ੍ਹਾ ਹਰਸ਼ ਮਲਹੋਤਰਾ ਤੋਂ ਇਸ ਸਬੰਧੀ ਜਨਤਕ ਤੌਰ 'ਤੇ ਸਪੱਸ਼ਟੀਕਰਨ ਦੇਣ ਦੀ ਮੰਗ ਕੀਤੀ ਹੈ ।

### ਐਸ.ਓ.ਈ. ਘਨੌਰੀ ਕਲਾਂ ਵਿਖੇ

# 70ਵੀਆਂ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਦਾ ਆਗਾਜ਼



**ਸ਼ੇਰਪੁਰ.( ਰਣਜੀਤ ਸਿੰਘ ਪੇਧਨੀ )**-ਸੂਬੇ ਵਿੱਚ ਸਕੂਲੀ ਖੇਡਾਂ ਨੂੰ ਹੋਰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ 70ਵੀਆਂ ਅੰਤਰ-ਜ਼ਿਲ੍ਹਾ ਸਕੂਲ ਖੇਡਾਂ (ਖੋ-ਖੋ ਅੰਡਰ-17 ਲੜਕੀਆਂ) ਦੀ ਸ਼ੁਰੂਆਤ ਅੱਜ ਸਕੂਲ ਆਫ਼ ਐਮੀਨੈਂਸ (ਐਸ.ਓ.ਈ.) ਘਨੌਰੀ ਕਲਾਂ ਵਿਖੇ ਹੋਈ। ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਇਨ੍ਹਾਂ ਖੇਡਾਂ ਦੀ ਰਸਮੀ ਸ਼ੁਰੂਆਤ ਕਰਵਾਈ। ਇਹ ਖੇਡ ਮੁਕਾਬਲੇ 28 ਸਤੰਬਰ ਤੋਂ 1 ਅਕਤੂਬਰ 2026 ਤੱਕ ਕਰਵਾਏ ਜਾ ਰਹੇ ਹਨ, ਜਿਸ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀਆਂ ਅੰਡਰ-17 ਵਰਗ ਦੀਆਂ ਲੜਕੀਆਂ ਦੀਆਂ ਟੀਮਾਂ ਭਾਗ ਲੈ ਰਹੀਆਂ ਹਨ। ਖਿਡਾਰਨਾਂ ਵੱਲੋਂ ਖੋ-ਖੋ ਦੇ ਮੁਕਾਬਲਿਆਂ ਵਿੱਚ ਪੂਰੇ ਜੋਸ਼, ਅਨੁਸ਼ਾਸਨ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਖਿਡਾਰਨਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਰਾਹੀਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਭਾਵਨਾ, ਆਤਮ-ਵਿਸ਼ਵਾਸ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਲੜਕੀਆਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਉਚਿਤ ਮੌਕੇ ਅਤੇ ਪਲੇਟਫਾਰਮ ਪ੍ਰਦਾਨ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਲਈ ਸਰਕਾਰ ਵੱਲੋਂ ਵੱਖ-ਵੱਖ ਪੱਧਰਾਂ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਖਿਡਾਰਨਾਂ ਨੂੰ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਭਾਗ ਲੈਣ ਅਤੇ ਆਪਣੀ ਪ੍ਰਤਿਭਾ ਦਾ ਸਰਵੋਤਮ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਖੇਡ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀ, ਸਕੂਲ ਸਟਾਫ਼, ਕੋਚ, ਟੀਮ ਇੰਚਾਰਜ, ਖਿਡਾਰਨਾਂ ਅਤੇ ਹੋਰ ਪਤਵੰਤੇ ਮੌਜੂਦ ਸਨ।

**ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਐਸ.ਓ.ਈ. ਘਨੌਰੀ ਕਲਾਂ ਵਿਖੇ ਕਰਵਾਈਆਂ ਖੇਡਾਂ ਦੀ ਸ਼ੁਰੂਆਤ**

ਆਵਾਜ਼ਿ ਕੌਮ AWAZE QAUM International Newspaper & WEB TV

### ਵਿਅਕਤੀਤਵ ਕ੍ਰਿਤੀਤਵ ਤੇ ਲੋਕ ਮੰਚ ਦੀ ਖੁਸ਼ਬੂ

# ਸੁਰਜੀਤ ਕੌਰ ਧਾਰੀਵਾਲ ਐਡਮਿੰਟਨ ਕਨੇਡਾ








ਸੁਰਜੀਤ ਕੌਰ ਧਾਲੀਵਾਲ ਉਮਰ ਦੀਆਂ ਲਗਭਗ 75 ਬਹਾਰਾਂ ਦੇਖ ਚੁੱਕੇ ਹਨ। ਉਹਨਾਂ ਨੇ ਸਕੂਲ ਤੋਂ ਲੈ ਕੇ ਉੱਚ ਸਿੱਖਿਆ ਤੱਕ ਰੰਗ ਮੰਚ ਅਤੇ ਸਭਿਆਚਾਰਕ ਕਿਰਿਆਵਾਂ ਦੇ ਰੂਪ ਵਿੱਚ ਰੰਗ ਢੰਗ ਤਰੀਕਿਆਂ ਨੂੰ ਸਕਾਰਾਤਮਕ ਤੇ ਬੌਧਿਕ ਸਪਰਸ਼ ਦਿੱਤਾ। ਇਹਨਾਂ ਨੇ ਨਾਟਕਾਂ ਵਿੱਚ ਸਕਾਰਾਤਮਕ ਅਤੇ ਨਕਾਰਾਤਮਕ ਭੂਮਿਕਾ ਦੇ ਚਿਤਰਨ ਪੇਸ਼ ਕੀਤੇ। ਕਈ ਮਾਨ ਸਨਮਾਨ ਹਾਸਲ ਕੀਤੇ। ਜ਼ਿੰਦਗੀ ਵਿੱਚ ਵਿਅਕਤੀਤਵ ਤੌਰ ਤੇ ਸੰਘਰਸ਼ ਮਿਹਨਤ ਕਰਦੇ ਹੋਏ ਇੱਕ ਦਲੇਰ, ਨਿਡਰ, ਸਰਲ, ਸਪਸ਼ਟ ਅਤੇ ਪਾਰਦਰਸ਼ੀ ਸੁਭਾਅ ਨੂੰ ਤਰਜੀਹ ਦਿੱਤੀ। ਕ੍ਰਿਤੀਤਵ ਤੌਰ ਤੇ ਉਹਨਾਂ ਲੇਖਣ, ਬੋਲੀਆਂ, ਮੇਲਿਆਂ ਨੂੰ ਜੀਵੰਤ ਰੂਪ ਦਿੱਤਾ। ਅੱਜ ਵੀ ਉਹ ਨਿਡਰ, ਨਿਝੱਕ ਚੇਤਨਾ ਦੇ ਸੱਚੇ ਰੂਪ ਦੀ ਅਗਵਾਈ ਕਰਦੇ ਹਨ।

**ਸੁਰਜੀਤ ਕੌਰ — ਜੀਵਨ ਅਤੇ ਸੱਭਿਆਚਾਰਕ ਸਫ਼ਰ**-ਸ੍ਰੀਮਤੀ ਸੁਰਜੀਤ ਕੌਰ ਦਾ ਜਨਮ ਪਿੰਡ ਭੰਗਾਂ, ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ. ਠਾਕੁਰ ਸਿੰਘ ਖਹਿਰਾ ਅਤੇ ਮਾਤਾ ਧੰਨ ਕੌਰ ਦੀ ਕੁੱਖੋਂ ਸੰਨ 1950 ਵਿੱਚ ਹੋਇਆ। ਉਨ੍ਹਾਂ ਨੇ ਚੌਥੀ ਜਮਾਤ ਤੱਕ ਦੀ ਪੜ੍ਹਾਈ ਪਿੰਡ ਦੇ ਪ੍ਰਾਇਮਰੀ ਸਕੂਲ ਤੋਂ, ਦਸਵੀਂ ਸਰਕਾਰੀ ਹਾਈ ਸਕੂਲ ਪੱਖੋਵਾਲ ਤੋਂ, ਬੀ.ਏ. ਗੋਬਿੰਦ ਨੈਸ਼ਨਲ ਕਾਲਜ ਨਾਰੰਗਵਾਲ (ਲੁਧਿਆਣਾ) ਤੋਂ ਅਤੇ M.A. Economics ਸਰਕਾਰੀ ਕਾਲਜ ਲੁਧਿਆਣਾ ਤੋਂ ਕੀਤੀ। ਇਸ ਤੋਂ ਉਪਰੰਤ ਉਨ੍ਹਾਂ ਨੇ State Bank of India (ਲੁਧਿਆਣਾ) ਵਿੱਚ ਕਲਰਕ ਦੀ ਨੌਕਰੀ ਸ਼ੁਰੂ ਕੀਤੀ।

ਸੰਨ 1971 ਵਿੱਚ ਉਨ੍ਹਾਂ ਦਾ ਵਿਆਹ ਸ. ਗੁਰਮੇਲ ਸਿੰਘ ਧਾਲੀਵਾਲ, ਪੁੱਤਰ ਸ. ਅਰਜਨ ਸਿੰਘ (ਸਰਪੰਚ), ਪਿੰਡ ਲੀਲ, ਜ਼ਿਲ੍ਹਾ ਲੁਧਿਆਣਾ ਨਾਲ ਹੋਇਆ। ਬੈਂਕ ਵਿੱਚ ਦੇਰ ਤੱਕ ਡਿਊਟੀ ਹੋਣ ਕਾਰਨ ਸਹੁਰੇ ਪਰਿਵਾਰ ਦੇ ਕਹਿਣ 'ਤੇ ਉਨ੍ਹਾਂ ਨੂੰ ਬੈਂਕ ਦੀ ਨੌਕਰੀ ਛੱਡਣੀ ਪਈ। ਇਸ ਤੋਂ ਬਾਅਦ ਉਨ੍ਹਾਂ ਨੇ Education College, ਸੁਧਾਰ ਤੋਂ B.Ed. ਕੀਤੀ। ਸਹੁਰੇ ਪਰਿਵਾਰ ਨੇ ਉਨ੍ਹਾਂ ਦਾ ਬਹੁਤ ਸਾਥ ਦਿੱਤਾ। ਇਸ ਤੋਂ ਬਾਅਦ ਉਨ੍ਹਾਂ ਨੇ ਸਰਕਾਰੀ ਹਾਈ ਸਕੂਲ ਕਲਸੀਆਂ ਵਿਖੇ S.S. Mistress ਦੀ ਨੌਕਰੀ ਸ਼ੁਰੂ ਕੀਤੀ। ਫਿਰ ਉਨ੍ਹਾਂ ਦੀ ਬਦਲੀ ਸਰਕਾਰੀ ਮਿਡਲ ਸਕੂਲ ਨਰੀਰ ਖੁਰਦ (ਲੁਧਿਆਣਾ) ਵਿਖੇ ਹੋ ਗਈ। ਉੱਥੇ ਦਸ ਸਾਲ ਨੌਕਰੀ ਕਰਨ ਉਪਰੰਤ ਉਹ Economics ਦੇ ਲੈਕਚਰਾਰ ਵਜੋਂ ਤਰੱਕੀ ਪ੍ਰਾਪਤ ਕਰਕੇ ਸ.ਸ.ਸ. ਸਕੂਲ ਪੱਖੋਵਾਲ (ਲੁਧਿਆਣਾ) ਵਿਖੇ ਆ ਗਏ। ਇੱਥੇ ਉਨ੍ਹਾਂ ਨੇ ਪ੍ਰਿੰਸੀਪਲ ਦੀ ਜ਼ਿੰਮੇਵਾਰੀ ਵੀ ਨਿਭਾਈ ਅਤੇ ਸੰਨ 2008 ਵਿੱਚ ਸੇਵਾ-ਮੁਕਤ ਹੋ ਗਏ। ਆਪਣੇ ਪਿਤਾ ਜੀ ਦੀ ਪ੍ਰੇਰਣਾ ਸਦਕਾ ਉਨ੍ਹਾਂ ਨੇ ਤੀਜੀ ਜਮਾਤ ਤੋਂ ਹੀ ਕਵਿਤਾਵਾਂ ਅਤੇ ਬੋਲੀਆਂ ਬੋਲਣੀਆਂ ਸ਼ੁਰੂ ਕਰ ਦਿੱਤੀਆਂ ਸਨ। ਸਕੂਲ ਵਿੱਚ ਨਾਟਕਾਂ ਵਿੱਚ ਹਿੱਸਾ ਲੈਣਾ, ਗਿੱਧੇ ਵਿੱਚ ਬੋਲੀਆਂ ਪਾਉਣਾ ਆਦਿ ਉਨ੍ਹਾਂ ਦੇ ਸ਼ੌਕ ਰਹੇ। ਕਾਲਜ ਵਿੱਚ ਵੀ ਉਹ ਨਾਟਕਾਂ ਵਿੱਚ ਭਾਗ ਲੈਂਦੇ ਰਹੇ। Declamation Contest ਵਿੱਚ ਭਾਸ਼ਣ ਬੋਲ ਕੇ ਉਨ੍ਹਾਂ ਨੇ ਕਾਲਜ ਲਈ ਇਨਾਮ ਜਿੱਤੇ ਅਤੇ ਕਾਲਜ ਦਾ ਨਾਮ ਰੌਸ਼ਨ ਕੀਤਾ।

ਦਸੰਬਰ 2005 ਵਿੱਚ ਉਹ ਕੈਨੇਡਾ ਚਲੇ ਗਏ। ਕੈਨੇਡਾ ਆ ਕੇ ਵੀ ਉਨ੍ਹਾਂ ਨੇ ਕਵਿਤਾਵਾਂ, ਭਾਸ਼ਣਾਂ ਅਤੇ ਬੋਲੀਆਂ ਦਾ ਸਿਲਸਿਲਾ ਜਾਰੀ ਰੱਖਿਆ। ਕੈਨੇਡਾ ਵਿੱਚ ਪੰਜਾਬੀ ਹੈਰੀਟੇਜ ਸੁਸਾਇਟੀ ਦੇ ਮਾਲਕ ਸ. ਧਰਮਜੀਤ ਸਿੰਘ ਗਿੱਲ ਨੇ ਉਨ੍ਹਾਂ ਦੀ ਮੁਲਾਕਾਤ ਪ੍ਰਸਿੱਧ ਨਾਟਕਕਾਰ ਸ. ਅਜਮੇਰ ਸਿੰਘ ਔਲਖ ਜੀ ਨਾਲ ਕਰਵਾਈ। ਉਨ੍ਹਾਂ ਦੇ ਲਿਖੇ ਨਾਟਕ 'ਨਿਉਂ ਜੜ੍ਹ' ਵਿੱਚ ਸੁਰਜੀਤ ਕੌਰ ਜੀ ਨੇ ਮਾਂ ਦਾ ਕਿਰਦਾਰ ਨਿਭਾਇਆ। ਇਹ ਨਾਟਕ ਐਡਮਿੰਟਨ, ਕੈਲਗਰੀ ਅਤੇ ਸਰੀ ਵਿੱਚ ਪੇਸ਼ ਕੀਤਾ ਗਿਆ, ਜਿਸ ਨੂੰ ਦਰਸ਼ਕਾਂ ਵੱਲੋਂ ਬਹੁਤ ਪਸੰਦ ਕੀਤਾ ਗਿਆ। ਉਨ੍ਹਾਂ ਨੇ ਕਈ Short Films ਵਿੱਚ ਵੀ ਹਿੱਸਾ ਲਿਆ ਅਤੇ Shaama Centre ਲਈ ਕਈ Short Films ਲਿਖ ਕੇ ਦਿੱਤੀਆਂ। ਉਹ ਕੈਨੇਡਾ ਵਿੱਚ Teacher Association, Sikh Federation, Shaama Centre ਅਤੇ Heritage Society ਦੇ Executive Group ਦੇ ਮੈਂਬਰ ਰਹੇ ਹਨ। Sikh Federation ਵੱਲੋਂ ਉਨ੍ਹਾਂ ਨੂੰ Volunteer ਵਜੋਂ ਸਨਮਾਨਿਤ ਵੀ ਕੀਤਾ ਗਿਆ।

ਉਨ੍ਹਾਂ ਵੱਲੋਂ ਤੀਆਂ ਦੇ ਮੇਲੇ ਦੌਰਾਨ ਗਿੱਧਾ, ਸੁਹਾਗ, ਘੋੜੀਆਂ, ਸਿੱਠਣੀਆਂ ਅਤੇ ਸੱਭਿਆਚਾਰਕ ਲੰਮੀਆਂ ਹੇਕਾਂ ਵਾਲੇ ਗੀਤਾਂ ਦੇ ਮੁਕਾਬਲੇ ਕਰਵਾਏ ਜਾਂਦੇ ਹਨ ਅਤੇ ਜੇਤੂਆਂ ਨੂੰ ਸੱਗੀ-ਫੁੱਲ, ਫੁਲਕਾਰੀਆਂ ਆਦਿ ਦੇ ਇਨਾਮ ਦਿੱਤੇ ਜਾਂਦੇ ਹਨ।

18 ਅਕਤੂਬਰ 2023 ਨੂੰ ਸਟਾਰ ਬੈਂਕੁਇਟ ਹਾਲ, ਐਡਮਿੰਟਨ ਵਿਖੇ ਅੰਤਰਰਾਸ਼ਟਰੀ ਪੰਜਾਬੀ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਕਵਿਤਾ, ਗੀਤ, ਬੋਲੀਆਂ, ਸੁਹਾਗ ਅਤੇ ਘੋੜੀਆਂ ਦੇ ਮੁਕਾਬਲੇ ਕਰਵਾਏ ਗਏ। ਇਸ ਸਮਾਗਮ ਵਿੱਚ ਉਨ੍ਹਾਂ ਨੇ "ਬੱਬੇ ਨੰਬਰ ਵਨ" ਦਾ ਖਿਤਾਬ ਜਿੱਤਿਆ। ਜੋਜਾ ਅਤੇ M.L.A. ਸਾਹਿਬ ਵੱਲੋਂ ਉਨ੍ਹਾਂ ਨੂੰ ਫੁਲਕਾਰੀ ਅਤੇ ਸੋਨੇ ਦੀ ਅੰਗੂਠੀ ਨਾਲ ਸਨਮਾਨਿਤ ਕੀਤਾ ਗਿਆ।

ਮੈਡਮ ਜੀ ਦੇ ਬੇਟੇ ਸ. ਨਵਦੀਪ ਸਿੰਘ ਧਾਲੀਵਾਲ ਦੀ 15 ਮਾਰਚ 2024 ਨੂੰ ਕੈਨੇਡਾ ਵਿੱਚ Brain Dead ਹੋਣ ਕਾਰਨ ਮੌਤ ਹੋ ਗਈ। ਉਨ੍ਹਾਂ ਨੇ ਆਪਣੇ ਬੇਟੇ ਦੇ 8 ਅੰਗ ਐਡਮਿੰਟਨ ਦੇ Royal Alexandra Hospital ਵਿੱਚ ਦਾਨ ਕਰ ਦਿੱਤੇ।

ਜੂਨ 2025 ਵਿੱਚ ਉਨ੍ਹਾਂ ਨੂੰ King Charles III Coronation Award ਨਾਲ ਕੈਨੇਡਾ ਦੇ M.P. Tim Uppal ਵੱਲੋਂ ਸਨਮਾਨਿਤ ਕੀਤਾ ਗਿਆ। ਐਡਮਿੰਟਨ ਵਿਖੇ ਹੀ ਇਹਨਾਂ ਨੇ 'ਬੇਬੇ ਨੰਬਰ 1' ਦਾ ਖਿਤਾਬ ਹਾਸਲ ਕੀਤਾ ਅਤੇ ਇਹਨਾਂ ਇਕ ਸੋਨੇ ਦੀ ਮੁੰਦਰੀ ਅਤੇ ਕੀਮਤੀ ਫੁਲਕਾਰੀ ਨਾਲ ਸਨਮਾਨਿਤ ਕੀਤਾ ਗਿਆ। ਇਨ੍ਹਾਂ ਸਾਰੀਆਂ ਸੱਭਿਆਚਾਰਕ ਗਤੀਵਿਧੀਆਂ ਅਤੇ ਜੀਵਨ ਦੇ ਤਜਰਬਿਆਂ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਦੇ ਮਨ ਵਿੱਚ ਬੋਲੀਆਂ ਦੀ ਇੱਕ ਕਿਤਾਬ ਛਪਵਾਉਣ ਦਾ ਵਿਚਾਰ ਪੈਦਾ ਹੋਇਆ। ਉਨ੍ਹਾਂ ਦਾ ਉਦੇਸ਼ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਆਪਣੀ ਅਮੀਰ ਪੰਜਾਬੀ ਵਿਰਾਸਤ ਅਤੇ ਪੁਰਾਣੇ ਸੱਭਿਆਚਾਰ ਨਾਲ ਜੁੜੀਆਂ ਰਹਿਣ, ਤਾਂ ਜੋ ਸਾਡਾ ਪੰਜਾਬੀ ਸੱਭਿਆਚਾਰ ਸਦਾ ਜੀਵੰਤ ਰਹੇ।

**-ਬਲਵਿੰਦਰ ਬਾਲਮ ਗੁਰਦਾਸਪੁਰ ਐਡਮਿੰਟਨ ਕਨੇਡਾ**
**98156-25409**

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਭਸੌੜ ਵਿਖੇ ਲਗਾਇਆ ਅੱਖਾਂ ਦਾ ਜਾਂਚ ਕੈਂਪ

## ਓ.ਐਸ.ਡੀ. ਸੁਖਵੀਰ ਸਿੰਘ ਨੇ ਕੀਤਾ ਅੱਖਾਂ ਦੇ ਜਾਂਚ ਕੈਂਪ ਦਾ ਉਦਘਾਟਨ







**ਧੂਰੀ ( ਰਣਜੀਤ ਸਿੰਘ ਪੇਧਨੀ )**-ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪਿੰਡ ਭਸੌੜ ਵਿਖੇ ਅੱਖਾਂ ਦਾ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕੀਤਾ। ਇਸ ਮੌਕੇ ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਲੋਕਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਲੋੜਵੰਦ ਮਰੀਜ਼ਾਂ ਨੂੰ ਐਨਕਾਂ ਅਤੇ ਜ਼ਰੂਰੀ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਅੱਖਾਂ ਸਾਡੇ ਸਰੀਰ ਦਾ ਬਹੁਤ ਮਹੱਤਵਪੂਰਨ ਅੰਗ ਹਨ ਅਤੇ ਅੱਖਾਂ ਦੀ ਸਮੇਂ ਸਿਰ ਜਾਂਚ ਕਰਵਾਉਣ ਨਾਲ ਕਈ ਸਮੱਸਿਆਵਾਂ ਦੀ ਸ਼ੁਰੂਆਤੀ ਪੜਾਅ 'ਤੇ ਹੀ ਪਛਾਣ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਿਹਤ ਕੈਂਪ ਲੋਕਾਂ ਨੂੰ ਆਪਣੇ ਘਰਾਂ ਦੇ ਨੇੜੇ ਮਾਹਿਰ ਡਾਕਟਰੀ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਅਤੇ ਸੁਚੱਜੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ ਅਤੇ ਕਿਸੇ ਵੀ ਸਿਹਤ ਸਮੱਸਿਆ ਨੂੰ ਨਜ਼ਰਅੰਦਾਜ਼ ਕਰਨ ਦੀ ਬਜਾਏ ਸਮੇਂ ਸਿਰ ਮਾਹਿਰ ਡਾਕਟਰਾਂ ਨਾਲ ਸਲਾਹ-ਮਸ਼ਵਰਾ ਕਰਨ। ਕੈਂਪ ਦੌਰਾਨ ਸ਼ੰਕਰਾ ਆਈ ਹਸਪਤਾਲ, ਲੁਧਿਆਣਾ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ। ਲੋੜ ਅਨੁਸਾਰ ਮਰੀਜ਼ਾਂ ਨੂੰ ਐਨਕਾਂ ਅਤੇ ਜ਼ਰੂਰੀ ਦਵਾਈਆਂ ਵੀ ਮੁਫ਼ਤ ਪ੍ਰਦਾਨ ਕੀਤੀਆਂ ਗਈਆਂ। ਕੈਂਪ ਵਿੱਚ ਪਿੰਡ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਈ। ਓ.ਐਸ.ਡੀ. ਸੁਖਵੀਰ ਸਿੰਘ ਨੇ ਕੈਂਪ ਦੇ ਪ੍ਰਬੰਧਕਾਂ ਅਤੇ ਸਹਿਯੋਗੀ ਸੰਸਥਾ ਦੇ ਨੁਮਾਇੰਦਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ। ਇਸ ਮੌਕੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਹਰਜਿੰਦਰ ਸਿੰਘ ਕਾਂਝਲਾ, ਗਗਨ ਜਵੰਧਾ, ਅਮਰੀਕ ਸਿੰਘ ਸੋਹੀ ਸਤਨਾਮ ਸਿੰਘ ਢਢੋਗਲ , ਸਰਪੰਚ ਬਹਾਦਰ ਸਿੰਘ, ਅਵਤਾਰ ਸਿੰਘ ਤਾਰੀ, ਹਰਜਿੰਦਰ ਸਿੰਘ ਭਸੌੜ, ਜਸਪ੍ਰੀਤ ਸਿੰਘ, ਹਰਵਿੰਦਰ ਸਿੰਘ ,ਹਰਿ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



**ਅਜੀਤ ਅਖਬਾਰ ਦੇ ਸੀਨੀਅਰ ਅਤੇ ਬਹੁਤ ਪੁਰਾਣੇ ਪੱਤਰਕਾਰ ਅਤਰ ਸਿੰਘ ਤਰਸਿੱਕਾ ਨੂੰ ਸੰਤ ਬਾਬਾ ਗੁਰਦੇਵ ਸਿੰਘ ਜੀ ਗੁਰਦੁਆਰਾ ਭਗਤਾਂ ਡੇਰਾ ਦੇ ਮੌਜੂਦਾ ਮੁੱਖੀ ਸਿਰਪਾਉ ਅਤੇ ਦਸਤਾਰ ਦੇ ਕੇ ਸਨਮਾਨਿਤ ਕਰਦੇ ਹੋਏ। (ਫੋਟੋ ਵੇਰਵਾ-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

ਸ਼ੈਲਿੰਦਰਜੀਤ ਸਿੰਘ 'ਰਾਜਨ' ਦੀ ਕਾਵਿ ਪੁਸਤਕ

# 'ਸਾਰੀ ਧਰਤੀ ਮੇਰੀ' ਲੋਕ ਅਰਪਿਤ



**ਬਾਬਾ ਬਕਾਲਾ ਸਾਹਿਬ, 28 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ । ਇਸ ਮੌਕੇ ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੈਲਿੰਦਰਜੀਤ ਸਿੰਘ ਰਾਜਨ ਦੀ ਕਾਵਿ ਪੁਸਤਕ 'ਸਾਰੀ ਧਰਤੀ ਮੇਰੀ' ਲੋਕ ਅਰਪਿਤ ਕੀਤੀ ਗਈ । ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸ਼੍ਰੋਮਣੀ ਸ਼ਾਇਰ ਡਾ: ਰਵਿੰਦਰ, ਡਾ: ਆਸਾ ਸਿੰਘ ਘੁੰਮਣ (ਸਰਪ੍ਰਸਤ ਸਿਰਜਣਾ ਕੇਂਦਰ ਕਪੂਰਥਲਾ), ਅਵਤਾਰ ਸਿੰਘ ਭੁੱਲਰ (ਸਾਬਕਾ ਏ.ਡੀ.ਸੀ.), ਡਾ: ਗੋਪਾਲ ਸਿੰਘ ਬੁੱਟਰ (ਸਹਾਇਕ ਸਕੱਤਰ ਦੇਸ਼ ਭਗਤ ਯਾਦਗਾਰ ਹਾਲ ਕਮੇਟੀ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ ਅਤੇ ਡਾ: ਪਰਮਜੀਤ ਸਿੰਘ ਬਾਠ, ਡਾ: ਗਗਨ (ਪਧਾਨ ਮਝੈਲਾਂ ਦੀ ਸੱਥ), ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਸਭਾ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ), ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਜਲਸ), ਕੁਲਵਿੰਦਰ ਸਿੰਘ ਗਾਖਲ (ਪੰਜਾਬ ਸਾਹਿਤਕ ਮੰਚ ਜਲੰਧਰ), ਹਰਕੰਵਲਜੀਤ ਸਾਹਿਲ (ਸੰਪਾਦਕ 7 ਰੀਵਰ), ਡਾ: ਵਿਕਰਮਜੀਤ (ਸੰਪਾਦਕ ਅੱਖਰ), ਪ੍ਰੋ: ਬਖਤਾਵਰ ਧਾਲੀਵਾਲ (ਸੰਪਾਦਕ ਮੰਤਵ), ਮੁਨੀਸ਼ ਕੁਮਾਰ ਭੱਠੇ ਵਾਲੇ, ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ ਸਠਿਆਲਾ, ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਅਤੇ ਸੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ ਸੁਸ਼ੋਭਿਤ ਹੋਏ । ਸੁਖਵੰਤ ਕੌਰ ਵੱਸੀ ਨੇ ਪੁਸਤਕ 'ਸਾਰੀ ਧਰਤੀ' ਤੇ ਪੇਪਰ ਪੜ੍ਹਿਆ, ਜਿਸ ਉਪਰ ਆਏ ਅਦੀਬਾਂ ਨੇ ਵਿਚਾਰ ਪੇਸ਼ ਕੀਤੇ । ਡਾ: ਰਵਿੰਦਰ ਨੇ ਕਿਹਾ ਕਿ 'ਰਾਜਨ' ਹੁਰਾਂ ਦੇ ਲਿਖਣ ਵਿਚ ਸਹਿਜਤਾ ਅਤੇ ਬੋਲਣ ਵਿਚ ਠਰੰਮਾ ਹੈ । ਇਹੋ ਸਹਿਜਤਾ ਇਹਨਾਂ ਨੇ ਆਪਣੀ ਜੀਵਨ ਸ਼ੈਲੀ ਵਿਚ ਵੀ ਬਰਕਰਾਰ ਰੱਖੀ ਹੈ । ਡਾ: ਆਸਾ ਸਿੰਘ ਘੁੰਮਣ ਨੇ 'ਸਾਰੀ ਧਰਤੀ ਮੇਰੀ' ਦੇ ਹਵਾਲੇ ਨਾਲ ਕਿਹਾ ਕਿ 'ਰਾਜਨ' ਹੁਰੀਂ ਸਫ਼ਰ ਦੇ ਸਾਹਿਤ ਸਿਰਜਕ ਹਨ, ਉਨ੍ਹਾਂ ਦੇ ਇਸ ਸੰਗ੍ਰਹਿ ਵਿੱਚ ਜਿਕਰਯੋਗ ਗ਼ਜ਼ਲਾਂ ਹਨ । ਡਾ: ਗੋਪਾਲ ਸਿੰਘ ਬੁਟਰ ਨੇ ਕਿਹਾ ਕਿ 'ਰਾਜਨ' ਕੋਲ ਗੱਲ ਕਹਿਣ ਦਾ ਵੱਡਾ ਤਜਰਬਾ ਹੈ, ਜੋ ਉਸਨੂੰ ਪੁਰਖਿਆਂ ਵੱਲੋਂ ਵਿਰਸੇ ਵਿੱਚ ਮਿਲਿਆ ਹੈ । ਅਵਤਾਰ ਸਿੰਘ ਭੁੱਲਰ ਨੇ ਕਿਹਾ ਕਿ 'ਰਾਜਨ' ਨੂੰ ਆਪਣੇ ਸਾਹਿਤਕ ਸਫਰ ਦੀ ਸਵੈ ਜੀਵਨੀ ਲਿਖਣੀ ਚਾਹੀਦੀ ਹੈ । ਪ੍ਰੋ: ਬਖਤਾਵਰ ਧਾਲੀਵਾਲ, ਪ੍ਰਿੰ: ਰਘਬੀਰ ਸਿੰਘ ਸੋਹਲ, ਸਮੇਤ ਲੇਖਕਾਂ ਨੇ ਸ਼ੈਲਿੰਦਰਜੀਤ ਸਿੰਘ ਰਾਜਨ ਨੂੰ ਆਪੋ ਆਪਣੇ ਅੰਦਾਜ ਵਿੱਚ ਮੁਬਾਰਕਬਾਦ ਦਿੱਤੀ । ਮੰਚ ਸੰਚਾਲਨ ਕਰ ਰਹੇ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ 'ਰਾਜਨ' ਸਾਡਾ ਅਜਿਹਾ ਸਾਹਿਤਕ ਦੋਸਤ ਹੈ, ਜਿਸ ਵੱਲੋਂ ਆਯੋਜਿਤ ਸਾਹਿਤਕ ਮਹਿਫਲਾਂ ਜਿੱਥੇ ਸਹਿਤਕ ਦੋਸਤੀਆਂ ਨੂੰ ਪੀਢੀ ਗੰਢ ਮਾਰ ਕੇ ਰੱਖਦੀਆਂ ਹਨ ਉੱਥੇ ਆਪਸੀ ਸੰਵਾਦ ਦਾ ਸਬੱਬ ਵੀ ਬਣਦੀਆਂ ਹਨ । ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਸੁਖਵੰਤ ਕੌਰ ਵੱਸੀ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਅਨੂਪਮਾ ਸਠਿਆਲਾ, ਰਾਜਵਿੰਦਰ ਕੌਰ ਰਾਜ, ਹਰਵਿੰਦਰਜੀਤ ਕੌਰ ਬਾਠ, ਸੁਰਿੰਦਰ ਖਿਲਚੀਆਂ, ਸੁਖਵਿੰਦਰ ਕੌਰ ਬਟਾਲਾ, ਹਰਮੇਸ਼ ਕੌਰ ਜੋਧੇ, ਸਿਮਰਨਜੀਤ ਕੌਰ ਮਾਹਲਾ , ਗੁਰਮੀਤ ਕੌਰ ਬੱਲ, ਮਨਦੀਪ ਸਿੰਘ ਬੋਪਾਰਾਏ, ਰਮੇਸ਼ ਜਾਨੂੰ, ਜਗਨ ਨਾਥ ਨਿਮਾਣਾ, ਜਸਮੇਲ ਸਿੰਘ ਜੋਧੇ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਧਰਮ ਸਿੰਘ ਧਿਆਨਪੁਰ, ਸਤਰਾਜ ਜਲਾਲਾਂਬਾਦੀ, ਬਲਬੀਰ ਸਿੰਘ ਬੋਲੇਵਾਲੀਆ, ਅਮਰਪਾਲ ਸਿੰਘ ਖਹਿਰਾ, ਨਵਦੀਪ ਸਿੰਘ ਬਦੇਸ਼ਾ, ਅਵਤਾਰ ਸਿੰਘ ਬੈਂਸ, ਭਗਵੰਤ ਸਿੰਘ, ਇੰਦਰ ਸਿੰਘ ਮਿਸ਼ਰੀ, ਸੂਬੇਦਾਰ ਹਰਜੀਤ ਸਿੰਘ, ਡਾ: ਕੁਲਵੰਤ ਸਿੰਘ ਬਾਠ, ਸੁਰਜੀਤ ਸਿੰਘ ਫੇਰੂਮਾਨ, ਬਲਬੀਰ ਸਿੰਘ ਬੇਲੀ, ਹਰਜਿੰਦਰ ਸਿੰਘ ਜਿੰਦੀ ਮਠੌਲਾ, ਕਾਲੇ ਸ਼ਾਹ ਟਾਂਗਰਾ, ਡਾ: ਅਮਨਦੀਪ ਸਿੰਘ ਬਿਆਸ, ਜਗਦੀਸ਼ ਸਿੰਘ ਬਮਰਾਹ, ਮੁਖਤਾਰ ਸਿੰਘ ਗਿੱਲ, ਡਾ: ਸਰਬਜੀਤ ਸਿੰਘ ਬਿੱਲਾ, ਸੋਨੂੰ ਸੁਲਤਾਨ, ਬੂਟਾ ਰਾਮ ਅਜ਼ਾਦ, ਗੁਰਭੇਜ ਸਿੰਘ ਸਰਾਂ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ, ਬਲਵਿੰਦਰ ਸਿੰਘ ਅਠੌਲਾ, ਅਜੀਤ ਸਿੰਘ ਸਠਿਆਲਵੀ, ਲਖਵਿੰਦਰ ਸਿੰਘ ਉੱਪਲ, ਬਲਦੇਵ ਸਿੰਘ ਸਠਿਆਲਾ, ਸ਼ਿੰਗਾਰਾ ਸਿੰਘ ਸਠਿਆਲਾ, ਕੇਵਲ ਸਿੰਘ ਬਿਆਸ, ਜਤਿੰਦਰ ਸਿੰਘ, ਜਸਪਾਲ ਸਿੰਘ ਸਹੋਤਾ, ਸਮੇਤ ਪੰਜਾਬ ਭਰ ਵਿੱਚੋਂ ਪੁਜੇ ਕਵੀਜਨਾਂ ਨੇ ਕਵਿਤਾਵਾਂ ਰਾਹੀ ਚੰਗਾ ਰੰਗ ਬੰਨਿਆਂ ।

ਆਵਾਜ਼ਿ ਕੌਮ AWAZE QAUM International Newspaper & WEB TV

ਖਾਲਸਾ ਅਕੈਡਮੀ ਦੀ ਵਿਦਿਆਰਥਣ ਗੁਰਸੀਰਤ ਕੌਰ ਦੀ ਵੱਡੀ ਕਾਮਯਾਬੀ

# ਐਮ.ਬੀ.ਬੀ.ਐੱਸ. ਲਈ ਹੋਈ ਚੋਣ




**ਚੌਂਕ ਮਹਿਤਾ, 26 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਦੀ ਹੋਣਹਾਰ ਵਿਦਿਆਰਥਣ ਗੁਰਸੀਰਤ ਕੌਰ ਨੇ ਆਪਣੀ ਮਿਹਨਤ ਅਤੇ ਲਗਨ ਸਦਕਾ ਵੱਡੀ ਉਪਲਬਧੀ ਹਾਸਲ ਕੀਤੀ ਹੈ।

ਸੈਸ਼ਨ 2025-26 ਦੌਰਾਨ ਬਾਰ੍ਹਵੀਂ ਕਲਾਸ ਵਿੱਚ ਮੈਡੀਕਲ ਸਟਰੀਮ ਨਾਲ ਸਬੰਧਤ ਇਸ ਹੋਣਹਾਰ ਵਿਦਿਆਰਥਣ ਨੇ 95 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ। ਇਸ ਤੋਂ ਬਾਅਦ ਗੁਰਸੀਰਤ ਕੌਰ ਨੇ ਨੀਟ ਪ੍ਰੀਖਿਆ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਫਲਤਾ ਹਾਸਲ ਕੀਤੀ ਅਤੇ ਹੁਣ ਉਸਦੀ ਚੋਣ ਸ੍ਰੀ ਗੁਰੂ ਰਾਮ ਦਾਸ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਐੱਸ.ਜੀ.ਆਰ. ਡੀ.), ਅੰਮ੍ਰਿਤਸਰ ਵਿਖੇ (ਐਮ.ਬੀ.ਬੀ.ਐਸ.) ਕੋਰਸ ਲਈ ਹੋਈ ਹੈ। ਇਹ ਪ੍ਰਾਪਤੀ ਅਕੈਡਮੀ ਲਈ ਬੇਹੱਦ ਮਾਣ ਵਾਲੀ ਗੱਲ ਹੈ। ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ ਨੇ ਗੁਰਸੀਰਤ ਕੌਰ ਨੂੰ ਸਕੂਲ ਵਿਖੇ ਵਿਸ਼ੇਸ਼ ਤੌਰ 'ਤੇ ਬੁਲਾ ਕੇ ਸਨਮਾਨਿਤ ਕੀਤਾ। ਉਨ੍ਹਾਂ ਦੱਸਿਆ ਕਿ ਗੁਰਸੀਰਤ ਕੌਰ ਨੇ ਆਪਣੀ ਮੁੱਢਲੀ ਪੜ੍ਹਾਈ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੀ ਸਿੱਖਿਆ ਖਾਲਸਾ ਅਕੈਡਮੀ ਵਿੱਚ ਪ੍ਰਾਪਤ ਕੀਤੀ ਅਤੇ ਹਰ ਸਾਲ ਸ਼ਾਨਦਾਰ ਅੰਕ ਹਾਸਲ ਕਰਦਿਆਂ ਆਪਣੀ ਕਲਾਸ ਵਿੱਚ ਮਿਹਨਤੀ ਅਤੇ ਹੋਣਹਾਰ ਵਿਦਿਆਰਥਣ ਵਜੋਂ ਸਥਾਨ ਬਣਾਇਆ। ਉਨ੍ਹਾਂ ਕਿਹਾ ਕਿ ਗੁਰਸੀਰਤ ਕੌਰ ਵੱਲੋਂ ਐਮ.ਬੀ.ਬੀ.ਐਸ. ਵਿੱਚ ਚੋਣ ਹਾਸਲ ਕਰਨਾ ਖਾਲਸਾ ਅਕੈਡਮੀ ਲਈ ਮਾਣ ਦੀ ਗੱਲ ਹੈ। ਉਸਦੀ ਇਹ ਸਫਲਤਾ ਹੋਰ ਵਿਦਿਆਰਥੀਆਂ ਨੂੰ ਵੀ ਮਿਹਨਤ, ਲਗਨ ਅਤੇ ਉੱਚੇ ਟੀਚੇ ਹਾਸਲ ਕਰਨ ਲਈ ਪ੍ਰੇਰਿਤ ਕਰੇਗੀ। ਇਸ ਮੌਕੇ 'ਤੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜੀ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਵਾਂ, ਅਤੇ ਸਮੂਹ ਸਟਾਫ਼ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਅਤੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਾਊਥਾਲ ਤੇ ਹੇਜ਼ ਲਈ ਅਹੁਦੇਦਾਰਾਂ ਦਾ ਕੀਤਾ ਗਿਆ ਐਲਾਨ




**ਨਵੀਂ ਦਿੱਲੀ 28 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਅਜੈਪਾਲ ਸਿੰਘ ਨਾਗੋਕੇ ਅਤੇ ਭਾਈ ਸਤਿੰਦਰਪਾਲ ਸਿੰਘ ਮੰਗੂਵਾਲ ਦੀ ਅਗਵਾਈ ਹੇਠ ਸਾਊਥਾਲ ਅਤੇ ਹੇਜ਼ ਖੇਤਰਾਂ ਲਈ ਪਾਰਟੀ ਦੀਆਂ ਨਵੀਆਂ ਕਮੇਟੀਆਂ ਦਾ ਐਲਾਨ ਕੀਤਾ ਗਿਆ ਹੈ। ਸਾਊਥਾਲ ਕਮੇਟੀ ਦੀ ਪ੍ਰਧਾਨਗੀ ਪ੍ਰਭਪ੍ਰੀਤ ਸਿੰਘ ਨੂੰ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਗੈਰੀ, ਜਨਰਲ ਸਕੱਤਰ ਰਾਜਵਿੰਦਰ ਸਿੰਘ, ਕੈਸ਼ੀਅਰ ਬਲਵਿੰਦਰ ਸਿੰਘ ਅਤੇ ਮੀਡੀਆ ਇੰਚਾਰਜ ਪ੍ਰਭਜੀਤ ਸਿੰਘ ਰੂਪੋਵਾਲੀ ਨੂੰ ਸੌਂਪੀ ਗਈ ਹੈ। ਕਮੇਟੀ ਵਿੱਚ ਹਰਸ਼ਪ੍ਰੀਤ ਸਿੰਘ, ਚਨਪ੍ਰੀਤ ਸਿੰਘ, ਇੰਦਰ ਮੀਕੇ, ਜਗਰਾਜ ਸਿੰਘ, ਚਮਕੌਰ ਸਿੰਘ, ਪਰਮਜੋਤ ਸਿੰਘ ਅਤੇ ਗੁਰਪ੍ਰੀਤ ਸਿੰਘ ਨੂੰ ਮੈਂਬਰ ਬਣਾਇਆ ਗਿਆ ਹੈ। ਇਸੇ ਤਰ੍ਹਾਂ ਹੇਜ਼ ਕਮੇਟੀ ਦੀ ਪ੍ਰਧਾਨਗੀ ਜਗਜੀਤ ਸਿੰਘ, ਮੀਤ ਪ੍ਰਧਾਨ ਬਲਜੀਤ ਸਿੰਘ, ਜਨਰਲ ਸਕੱਤਰ ਚਨਪ੍ਰੀਤ ਸਿੰਘ, ਕੈਸ਼ੀਅਰ ਜਸਵੀਰ ਸਿੰਘ ਅਤੇ ਮੀਡੀਆ ਇੰਚਾਰਜ ਅਮਰਿੰਦਰ ਸਿੰਘ ਝਬਾਲ ਨੂੰ ਦਿੱਤੀ ਗਈ ਹੈ, ਜਦਕਿ ਜਗਦੀਪ ਸਿੰਘ, ਜਗਪ੍ਰੀਤ ਸਿੰਘ, ਹਰਮਨ ਸਿੰਘ, ਲਖਵੀਰ ਸਿੰਘ, ਪ੍ਰੀਤ ਸਿੰਘ ਅਤੇ ਮਨਪ੍ਰੀਤ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ ਹੈ। ਭਾਈ ਅਜੈਪਾਲ ਸਿੰਘ ਨਾਗੋਕੇ ਅਤੇ ਭਾਈ ਸਤਿੰਦਰਪਾਲ ਸਿੰਘ ਮੰਗੂਵਾਲ ਨੇ ਨਵ-ਨਿਯੁਕਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟ ਕੀਤੀ ਕਿ ਉਹ ਪੂਰੀ ਲਗਨ, ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਸੰਗਠਨ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਸਾਊਥਾਲ ਅਤੇ ਹੇਜ਼ ਖੇਤਰਾਂ ਵਿੱਚ ਸੰਗਤ ਅਤੇ ਭਾਈਚਾਰੇ ਨਾਲ ਨਜ਼ਦੀਕੀ ਸੰਪਰਕ ਕਾਇਮ ਕਰਦਿਆਂ ਪਾਰਟੀ ਦੀਆਂ ਵਿਚਾਰਧਾਰਕ ਅਤੇ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਨਵ-ਨਿਯੁਕਤ ਅਹੁਦੇਦਾਰਾਂ ਨੂੰ ਵੱਧ ਤੋਂ ਵੱਧ ਲੋਕਾਂ ਨਾਲ ਸੰਪਰਕ ਬਣਾਉਣ ਅਤੇ ਪਾਰਟੀ ਨਾਲ ਨਵੇਂ ਮੈਂਬਰਾਂ ਨੂੰ ਜੋੜਨ ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗਤਕੇ ਵਿੱਚ ਇਸ਼ਦੀਪ ਸਿੰਘ ਅਤੇ ਕਰਾਟੇ ਵਿੱਚ ਅਦਿਤਿਆ ਰਾਜ ਖਿਡਾਰੀ ਸੇਂਟ ਸੋਲਜਰ ਦੇ ਨੈਸ਼ਨਲ ਲਈ ਚੁਣੇ ਗਏ

## ਇਸ਼ਦੀਪ ਸਿੰਘ ਤੇ ਅਦਿਤਿਆ ਰਾਜ ਦਾ ਸ਼ਾਨਦਾਰ ਪ੍ਰਦਰਸ਼ਨ ਗਤਕਾ ਕੋਚ ਧਰਮ ਸਿੰਘ ਅਤੇ ਕਰਾਟੇ ਕੋਚ ਸੁਖਦੇਵ ਸਿੰਘ ਦੀ ਮਿਹਨਤ ਦਾ ਨਤੀਜਾ ਡਾ: ਮੰਗਲ ਸਿੰਘ ਕਿਸ਼ਨਪੁਰੀ



**ਜੰਡਿਆਲਾ ਗੁਰੂ 28 ਸਤੰਬਰ ( ਕੁਲਵੰਤ ਸਿੰਘ ਵਿਰਦੀ )**-70ਵੀਆਂ ਪੰਜਾਬ ਬੋਰਡ ਖੇਡਾਂ ਵਿੱਚ ਲਗਾਤਾਰ ਆਪਣੇ ਸ਼ਾਨਦਾਰ ਪ੍ਰਦਰਸ਼ਨ ਨੂੰ ਦੁਹਰਾਉਂਦਿਆਂ ਸੇਂਟ ਸੋਲਜਰ ਦੇ ਖਿਡਾਰੀ ਅਦਿਤਿਆ ਰਾਜ ਨੇ ਕਰਾਟੇ ਵਿੱਚ ਅਤੇ ਇਸ਼ਦੀਪ ਸਿੰਘ ਨੇ ਗਤਕੇ ਵਿੱਚ ਨੈਸ਼ਨਲ ਲਈ ਕੁਆਲੀਫਾਈ ਕੀਤਾ।



ਸਟੇਟ ਲੈਵਲ ਤੇ ਪੰਜਾਬ ਖੇਡਾਂ ਵਿੱਚ ਕਰਾਟੇ ਚੈਂਪੀਅਨਸ਼ਿਪ ਵਿੱਚ ਅੰਡਰ 19 ਕੈਟੇਗਰੀ ਵਿੱਚ ਸੇਂਟ ਸੋਲਜਰ ਦੇ ਖਿਡਾਰੀ ਅਦਿਤਿਆ ਰਾਜ ਨੇ ਆਪਣਾ ਅਸਾਧਾਰਨ ਪ੍ਰਦਰਸ਼ਨ ਕਰਦੇ ਹੋਏ ਸ਼ਾਨਦਾਰ ਗੋਲਡ ਮੈਡਲ ਹਾਸਲ ਕੀਤਾ। ਅਤੇ ਨੈਸ਼ਨਲ ਵਾਸਤੇ ਕੁਆਲੀਫਾਈ ਕੀਤਾ। ਕਿਸੇ ਤਰ੍ਹਾਂ ਪੰਜਾਬ ਖੇਡਾਂ ਵਿੱਚ ਸਟੇਟ ਲੈਵਲ ਦੇ ਗਤਕੇ ਦੇ ਈਵੈਂਟ ਲੁਧਿਆਣਾ ਵਿਖੇ ਹੋਏ ।ਜਿੱਥੇ ਅੰਡਰ 19 ਕੈਟੇਗਰੀ ਵਿੱਚ ਸੇਟ ਸੋਲਜਰ ਦੇ ਖਿਡਾਰੀ ਇਸ਼ਦੀਪ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ,ਹੁਨਰ ਅਤੇ ਆਤਮ ਵਿਸ਼ਵਾਸ ਨਾਲ ਖੇਡਦੇ ਹੋਏ ਗੋਲਡ ਮੈਡਲ ਹਾਸਿਲ ਕੀਤਾ ਅਤੇ ਨੈਸ਼ਨਲ ਵਾਸਤੇ ਕੁਆਲੀਫਾਈ ਕੀਤਾ। ਦੋਨਾਂ ਚੈਂਪੀਅਨਾ ਦਾ ਸਕੂਲ ਵਿੱਚ ਬੜੀ ਗਰਮ ਜੋਸ਼ੀ,ਫੁੱਲਾਂ ਦੇ ਹਾਰ ਪਾ ਕੇ ਤੇ ਧੂਮ ਧੜੱਕੇ ਨਾਲ ਸਵਾਗਤ ਕੀਤਾ ਗਿਆ। ਸਮੂਹ ਸਟਾਫ ਅਤੇ ਬੱਚਿਆਂ ਨੇ ਦੋਨਾਂ ਚੈਂਪੀਅਨਾਂ ਦੀ ਕਾਮਯਾਬੀ ਤੇ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਅਦਿਤਿਆ ਰਾਜ ਅਤੇ ਇਸ਼ਦੀਪ ਸਿੰਘ ਦੀ ਮਿਹਨਤ ,ਲਗਨ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਤੇ ਉਹਨਾਂ ਨੂੰ ਵਧਾਈ ਅਤੇ ਸ਼ਾਬਾਸ਼ੀ ਦਿੱਤੀ ਅਤੇ ਉਹਨਾਂ ਦੇ ਕੋਚ ਸੁਖਦੇਵ ਸਿੰਘ( ਕਰਾਟੇ ਕੋਚ )ਅਤੇ ਧਰਮ ਸਿੰਘ (ਗਤਕਾ ਕੋਚ) ਦੀ ਮਿਹਨਤ ਦੀ ਵੀ ਖੂਬ ਸਰਾਹਨਾ ਕੀਤੀ ਜਿਨਾਂ ਦੇ ਕਰਕੇ ਇਹ ਖਿਡਾਰੀ ਸਟੇਟ ਜਿੱਤ ਕੇ ਨੈਸ਼ਨਲ ਵਾਸਤੇ ਕੁਆਲੀਫਾਈ ਹੋਏ। ਉਨਾਂ ਨੇ ਇਸੇ ਤਰ੍ਹਾਂ ਖਿਡਾਰੀਆਂ ਨੂੰ ਆਪਣੀ ਮਿਹਨਤ ਜਾਰੀ ਰੱਖਣ ਅਤੇ ਨੈਸ਼ਨਲ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਨ ਦੀ ਕਾਮਨਾ ਕੀਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ, ਕੁਆਡੀਨੇਟਰ ਮਮਤਾ ਅਰੋੜਾ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਤੀਰਥ ਯਾਤਰਾ ਬੱਸ ਗਹਿਰੀ ਮੰਡੀ ਤੋਂ

# ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਹਰੀ ਝੰਡੀ ਦਿਖਾ ਕੇ ਕੀਤੀ ਰਵਾਨਾ



**ਜੰਡਿਆਲਾ ਗੁਰੂ 28 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਗਹਿਰੀ ਮੰਡੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਯਾਤਰਾ ਰਾਹੀਂ ਸੰਗਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਸ੍ਰੀ ਨੈਣਾ ਦੇਵੀ ਮੰਦਰ ਦੇ ਦਰਸ਼ਨ ਕਰੇਗੀ।ਇਸ ਮੌਕੇ ਕੈਬਨਿਟ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸੂਬੇ ਦੇ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੋ ਰਹੀ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਤੀਰਥ ਯਾਤਰਾ ਯੋਜਨਾ ਸ਼ੁਰੂ ਕਰਕੇ ਪੰਜਾਬ ਦੇ ਸ਼ਰਵਣ ਪੁੱਤਰ ਦਾ ਫਰਜ਼ ਨਿਭਾਇਆ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਬਜ਼ੁਰਗਾਂ ਅਤੇ ਹੋਰ ਸ਼ਰਧਾਲੂਆਂ ਨੂੰ ਆਪਣੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦੀ ਸਹੂਲਤ ਮਿਲ ਰਹੀ ਹੈ ਅਤੇ ਲੋਕ ਇਸ ਉਪਰਾਲੇ ਲਈ ਪੰਜਾਬ ਸਰਕਾਰ ਨੂੰ ਅਸੀਸਾਂ ਦੇ ਰਹੇ ਹਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ 5 ਲੱਖ ਤੋਂ ਵੱਧ ਸ਼ਰਧਾਲੂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਲਾਭ ਲੈ ਚੁੱਕੇ ਹਨ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸਿਹਤ ਅਤੇ ਸੁਰੱਖਿਆ ਨੂੰ ਪਹਿਲ ਦਿੱਤੀ ਜਾਂਦੀ ਹੈ। ਇਸ ਲਈ ਮੈਡੀਕਲ ਟੀਮਾਂ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ, ਤਾਂ ਜੋ ਕਿਸੇ ਵੀ ਸਿਹਤ ਸਬੰਧੀ ਐਮਰਜੈਂਸੀ ਦੀ ਸਥਿਤੀ ਵਿੱਚ ਤੁਰੰਤ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯਾਤਰਾ ਦੌਰਾਨ ਸ਼ਰਧਾਲੂਆਂ ਦੇ ਰਹਿਣ-ਸਹਿਣ, ਖਾਣ-ਪੀਣ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ, ਤਾਂ ਜੋ ਸੰਗਤ ਬਿਨਾਂ ਕਿਸੇ ਮੁਸ਼ਕਲ ਦੇ ਪਾਵਨ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਸਕੇ।ਇਸ ਮੌਕੇ ਪਿੰਡ ਗਹਿਰੀ ਮੰਡੀ ਦੀ ਸੰਗਤ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਉਨ੍ਹਾਂ ਨੂੰ ਪਵਿੱਤਰ ਗੁਰਧਾਮਾਂ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਯਾਤਰਾ ਲਈ ਕੀਤੇ ਗਏ ਪ੍ਰਬੰਧਾਂ ਨਾਲ ਸ਼ਰਧਾਲੂਆਂ ਨੂੰ ਕਾਫ਼ੀ ਸਹੂਲਤ ਮਿਲ ਰਹੀ ਹੈ।

**ਤੀਰਥ ਯਾਤਰਾ ਚਲਾ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਸ਼ਰਵਣ ਪੁੱਤਰ ਦਾ ਫਰਜ਼ ਨਿਭਾਇਆ - ਹਰਭਜਨ ਸਿੰਘ ਈ.ਟੀ.ਓ.**

ਭਾਈ ਲਾਲੋ ਜੀ ਦਾ ਜਨਮ ਦਿਹਾੜਾ

# ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ



**ਫ਼ਿਰੋਜ਼ਪੁਰ, 28 ਸਤੰਬਰ (ਮਨੋਹਰ ਲਾਲ) :**— ਭਾਈ ਲਾਲੋ ਜੀ ਕਲੱਬ ਸੇਵਾ ਸੋਸਾਇਟੀ ਅਤੇ ਕਾਰਪੇਂਟਰ ਐਂਡ ਬਿਲਡਿੰਗ ਕੰਸਟਰੱਕਸ਼ਨ ਐਸੋਸ਼ੀਏਸ਼ਨ ਜ਼ੀਰਾ ਵੱਲੋਂ ਗੁਰੂਦੁਆਰਾ ਵਿਸ਼ਵਕਰਮਾ ਭਵਨ ਮੌਜਦੀਨ ਰੋਡ ਜ਼ਿਲ੍ਹਾ ਫ਼ਿਰੋਜ਼ਪੁਰ ਜੀਰਾ ਵਿਖੇ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ, ਸਮਾਗਮ ਦੌਰਾਨ ਭਾਈ ਗੁਲਜਿੰਦਰ ਸਿੰਘ ਨੇ ਰਸਭਿੰਨਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਕਥਾਵਾਚਕ ਭਾਈ ਕੁਲਦੀਪ ਸਿੰਘ ਜੀਰਾ ਨੇ ਆਪਣੀ ਰਸਭਿੰਨੀ ਕਥਾ ਰਾਹੀਂ ਭਾਈ ਲਾਲੋ ਜੀ ਦੇ ਜੀਵਨ ਅਤੇ ਮਹਾਨ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਉਨ੍ਹਾਂ ਦੱਸਿਆ ਕਿ ਕਿਸ ਤਰ੍ਹਾਂ ਭਾਈ ਲਾਲੋ ਜੀ ਨੇ ਹੱਕ ਸੱਚ ਦੀ ਕਿਰਤ ਕਮਾਈ ਕਰਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਸਨ। ਇਸ ਖ਼ਾਸ ਮੌਕੇ ਤੇ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਦੇ ਅਹੁਦੇਦਾਰਾਂ ਨੇ ਵੀ ਸ਼ਿਰਕਤ ਕੀਤੀ ਸੋਸਾਇਟੀ ਦੇ ਪ੍ਰਬੰਧਕਾਂ ਵੱਲੋਂ ਸਮਾਜਿਕ ਅਤੇ ਧਾਰਮਿਕ ਖੇਤਰ ਵਿੱਚ ਵਧੀਆ ਸੇਵਾਵਾਂ ਨਿਭਾਉਣ ਕਰਕੇ ਰਾਮਗੜ੍ਹੀਆ ਸੋਸਾਇਟੀ ਦੇ ਅਹੁਦੇਦਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਨੇ ਆਇਆਂ ਹੋਈਆਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਧਾਰਮਿਕ ਸਮਾਗਮ ਤੇ ਸਮਾਜ ਭਲਾਈ ਦੇ ਕਾਰਜ ਨਿਰੰਤਰ ਜਾਰੀ ਰੱਖਣ ਦਾ ਪ੍ਰਣ ਲਿਆ। ਸਮਾਗਮ ਵਿੱਚ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ, ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ, ਜਸਬੀਰ ਸਿੰਘ ਕਲਸੀ ਜਨਰਲ ਸਕੱਤਰ ਪੰਜਾਬ, ਜਸਵਿੰਦਰ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ, ਜ਼ੀਰਾ ਸਰਕਲ ਦਿਹਾਤੀ ਪ੍ਰਧਾਨ ਹਰਪ੍ਰੀਤ ਸਿੰਘ ਰੱਬੀ (ਕਾਰਪੇਂਟਰ ਐਂਡ ਬਿਲਡਿੰਗ ਕੰਸਟਰੱਕਸ਼ਨ ਅਸੋਸੀਏਸ਼ਨ ਜ਼ੀਰਾ ਪ੍ਰਧਾਨ) ਗੁਰਅਵਤਾਰ ਸਿੰਘ ਤਾਰੀ ਜੀਰਾ ਸਰਕਲ ਸ਼ਹਿਰੀ ਪ੍ਰਧਾਨ, ਮੈਂਬਰ ਮਨਦੀਪ ਸਿੰਘ ਸ਼ੀਰਾ, ਸਤਨਾਮ ਸਿੰਘ ਧੰਜਲ, ਗੁਰਭੇਜ ਸਿੰਘ ਭੁੱਲਰ, ਪਰਮਿੰਦਰ ਸਿੰਘ ਕਾਕਾ, ਕੁਲਦੀਪ ਸਿੰਘ ਜੱਲੇ ਖਾਂ, ਸਤਵਿੰਦਰ ਸਿੰਘ ਸੱਤਾ, ਗੁਰਭੇਜ ਸਿੰਘ ਭੇਜਾ, ਬਾਈ ਗੁਰਮੀਤ ਸਿੰਘ, ਰਸ਼ਪਾਲ ਸਿੰਘ ਸੱਗੂ, ਗਗਨਦੀਪ ਸਿੰਘ ਕਾਲੜਾ, ਨਛੱਤਰ ਸਿੰਘ ਲਾਡੀ, ਸੁਖਮੰਦਰ ਸਿੰਘ ਧੰਜਲ ਵੀ ਹਾਜ਼ਰ ਸਨ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਾਹ ਸੰਬੰਧੀ ਬਿਮਾਰੀਆਂ ਦੀ ਜਾਂਚ ਲਈ ਅਮਨਦੀਪ ਹਸਪਤਾਲ 'ਚ ਲਗਾਇਆ ਗਿਆ ਮੁਫ਼ਤ ਸਪਾਇਰੋਮੈਟਰੀ ਕੈਂਪ



ਫ਼ਿਰੋਜ਼ਪੁਰ, 28 ਸਤੰਬਰ (ਮਨੋਹਰ ਲਾਲ) :— ਸਾਹ ਸੰਬੰਧੀ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਅਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਨਾਲ ਮਿਲ ਕੇ ਅਤੇ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੁਸਾਇਟੀ ਦੇ ਸਹਿਯੋਗ ਨਾਲ ਸੋਮਵਾਰ ਨੂੰ ਹਸਪਤਾਲ ਵਿਖੇ ਮੁਫ਼ਤ ਸਪਾਇਰੋਮੈਟਰੀ ਕੈਂਪ ਲਗਾਇਆ ਗਿਆ। ਕੈਂਪ ਵਿੱਚ ਲੋਕਾਂ ਦੀ ਸਾਹ ਲੈਣ ਦੀ ਸਮਰੱਥਾ ਅਤੇ ਫੇਫੜਿਆਂ ਦੀ ਕਾਰਗੁਜ਼ਾਰੀ ਦੀ ਜਾਂਚ ਕੀਤੀ ਗਈ। ਕੈਂਪ ਦੌਰਾਨ ਅਸਥਮਾ, ਸੀਓਪੀਡੀ ਸਮੇਤ ਫੇਫੜਿਆਂ ਨਾਲ ਸੰਬੰਧਿਤ ਹੋਰ ਬਿਮਾਰੀਆਂ ਦੀ ਸ਼ੁਰੂਆਤੀ ਪਛਾਣ ਲਈ ਸਪਾਇਰੋਮੈਟਰੀ ਟੈਸਟ ਕੀਤੇ ਗਏ। ਇਹ ਜਾਂਚ ਸੀਨੀਅਰ ਕਨਸਲਟੈਂਟ ਇੰਟਰਨਲ ਮੈਡੀਸਨ ਡਾ: ਚਰਨਜੀਤ ਸਿੰਘ ਅਤੇ ਕਨਸਲਟੈਂਟ ਇੰਟਰਨਲ ਮੈਡੀਸਨ ਡਾ: ਪ੍ਰਦੀਪ ਕੁਮਾਰ ਮਿੱਤਲ ਦੀ ਦੇਖ—ਰੇਖ ਹੇਠ ਕੀਤੀ ਗਈ। ਮਾਹਰਾਂ ਨੇ ਲੋਕਾਂ ਨੂੰ ਸਾਹ ਸੰਬੰਧੀ ਸਮੱਸਿਆਵਾਂ ਦੇ ਲੱਛਣਾਂ, ਸਮੇਂ ਸਿਰ ਜਾਂਚ ਕਰਵਾਉਣ ਅਤੇ ਬਿਮਾਰੀ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ। ਕੈਂਪ ਦਾ ਉਦਘਾਟਨ ਅਮਨਦੀਪ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਅਤੇ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੁਸਾਇਟੀ ਦੇ ਮੈਂਬਰਾਂ ਦੀ ਹਾਜ਼ਰੀ ਵਿੱਚ ਹੋਇਆ। ਇਸ ਮੌਕੇ ਹਸਪਤਾਲ ਪ੍ਰਬੰਧਕਾਂ ਵੱਲੋਂ ਦੱਸਿਆ ਗਿਆ ਕਿ ਸਾਹ ਨਾਲ ਜੁੜੀਆਂ ਕਈ ਬਿਮਾਰੀਆਂ ਦੀ ਸ਼ੁਰੂਆਤੀ ਅਵਸਥਾ ਵਿੱਚ ਪਛਾਣ ਹੋਣ ਤੇ ਸਮਾਂ ਰਹਿੰਦੇ ਇਲਾਜ ਸ਼ੁਰੂ ਕੀਤਾ ਜਾ ਸਕਦਾ ਹੈ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਸਿਹਤ ਸੇਵਾਵਾਂ ਦਾ ਉਦੇਸ਼ ਸਿਰਫ਼ ਬਿਮਾਰੀ ਦਾ ਇਲਾਜ ਕਰਨਾ ਹੀ ਨਹੀਂ, ਸਗੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਅਤੇ ਸਮੇਂ ਸਿਰ ਜਾਂਚ ਪ੍ਰਤੀ ਜਾਗਰੂਕ ਕਰਨਾ ਵੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਿਹਤ ਕੈਂਪਾਂ ਦੇ ਮਾਧਿਅਮ ਨਾਲ ਸਮਾਜ ਦੇ ਵੱਖ—ਵੱਖ ਵਰਗਾਂ ਤੱਕ ਜ਼ਰੂਰੀ ਸਿਹਤ ਸੇਵਾਵਾਂ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।


# ਬੰਦੀ ਸਿੰਘਾਂ ਦੀ ਰਿਹਾਈ ਲਈ 2 ਤੇ 3 ਅਗਤੂਬਰ ਨੂੰ ਹੋਵੇਗਾ ਮਾਰਚ—ਸੁਖਵਿੰਦਰ ਸਿੰਘ




ਫ਼ਿਰੋਜ਼ਪੁਰ, 28 ਸਤੰਬਰ (ਮਨੋਹਰ ਲਾਲ) :—ਗਿਆਨੀ ਸੁਖਵਿੰਦਰ ਸਿੰਘ ਖਾਲਸਾ ਹਰਦਿਆਲੇਆਣਾ ਪੰਥਕ ਦਲ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਹੈ ਕਿ 31 ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਅਤੇ ਰਾਜਸੀ ਕੈਦੀਆਂ ਦੀ ਰਿਹਾਈ ਲਈ 2 ਅਤੇ 3 ਅਕਤੂਬਰ ਨੂੰ ਫ਼ਤਿਹਗੜ੍ਹ ਸਾਹਿਬ ਤੋਂ ਤਲਵੰਡੀ ਸਾਬੋ ਤੱਕ ਇੱਕ ਵਿਸ਼ਾਲ ਬੰਦੀ ਸਿੰਘ ਰਿਹਾਈ ਮਾਰਚ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਮਾਰਚ ਭਗਵੰਤ ਮਾਨ ਅਤੇ ਮੋਦੀ ਸਰਕਾਰ ਦੀ ਤਾਨਾਸ਼ਾਹੀ, ਗ਼ੈਰ ਲੋਕਤੰਤਰੀ ਰਵੱਈਏ, ਧੱਕੇਸ਼ਾਹੀ ਅਤੇ ਪੰਜਾਬ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਕੱਢਿਆ ਜਾ ਰਿਹਾ ਹੈ। ਇਹ ਮਾਰਚ 2 ਅਕਤੂਬਰ ਨੂੰ ਸਵੇਰੇ 10 ਵਜੇ ਫ਼ਤਿਹਗੜ੍ਹ ਸਾਹਿਬ ਤੋਂ ਸ਼ੁਰੂ ਹੋਵੇਗਾ। ਇਹ ਮਾਰਚ ਝਾਨੀਪੁਰ, ਚਨਾਰਥਲ, ਟੋਹੜਾ, ਤਰਖਾਣ ਮਾਜਰਾ ਤਰਖੇੜੀ, ਭਾਦਸੋਂ, ਸ਼ੁਕਰਾਲੀ, ਸਰੋਹੀ, ਰੋਹਟੀ ਦੇ ਪੁਲ, ਨਾਭਾ ਬਾਈਪਾਸ, ਧੂਰੀ ਕੁਕਰਾਲਾ, ਛੀਟਾਂਵਾਲਾ, ਭਵਾਨੀਗੜ੍ਹ ਭਲਵਾਨ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕੀਆਣਾ ਸਾਹਿਬ ਵਿਖੇ ਪਹੁੰਚੇਗਾ। ਰਾਤ ਦਾ ਠਹਿਰਾਅ ਗੁਰਦੁਆਰਾ ਨਾਨਕੀਆਣਾ ਸਾਹਿਬ ਅਤੇ ਗੁਰਦੁਆਰਾ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਹੋਵੇਗਾ। ਦੂਜੇ ਦਿਨ 3 ਅਕਤੂਬਰ 26 ਨੂੰ ਸਵੇਰੇ 10 ਵਜੇ ਇਹ ਮਾਰਚ ਗੁਰਦੁਆਰਾ ਨਾਨਕੀਆਣਾ ਸਾਹਿਬ ਤੋਂ ਦੋਬਾਰਾ ਸ਼ੁਰੂ ਹੋ ਕੇ ਸੰਗਰੂਰ, ਬੰਗੜ੍ਹੀ, ਮਸਤੂਆਣਾ ਸਾਹਿਬ, ਪੱਛੋਆ, ਲੌਂਗੋਵਾਲ, ਕੱਟੂ, ਰੰਘੜੀ, ਛਾਜਲੀ, ਕੌਹਰੀਆਂ, ਮਾਨਸਾ, ਮੂਸਾ, ਬਹਾਦਰਪੁਰੇਬੋਹਾ, ਬੁਢਲਾਡਾ, ਜਗਰਾਓ ਜਸਪਾਲ ਥਿਰਜ ਤੋਂ ਹੁੰਦਾ ਹੋਇਆ ਤਲਵੰਡੀ ਸਾਬੋ ਵਿਖੇ ਸਮਾਪਤ ਹੋਵੇਗਾ। ਗਿਆਨੀ ਸੁਖਵਿੰਦਰ ਸਿੰਘ ਖਾਲਸਾ ਹਰਦਿਆਲੇਆਣਾ ਪੰਥਕ ਦਲ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਸਮੂਹ ਕਿਸਾਨ ਜਥੇਬੰਦੀਆਂ, ਪੰਥਕ ਜਥੇਬੰਦੀਆਂ, ਮਾਨਵ ਅਧਿਕਾਰ ਸੰਗਠਨਾਂ ਅਤੇ ਪੰਜਾਬ ਦੀ ਸੰਗਤ ਨੂੰ ਅਪੀਲ ਕੀਤੀ ਹੈ ਕਿ ਉਹ ਬੰਦੀ ਸਿੰਘਾਂ ਦੇ ਇਨਸਾਫ਼ ਦੀ ਇਸ ਜੰਗ ਵਿੱਚ ਵੱਧ—ਚੜ੍ਹ ਕੇ ਹਿੱਸਾ ਲੈਣ ਅਤੇ ਪੰਜਾਬ ਦੀ ਜਿਉਂਦੀ ਜ਼ਮੀਰ ਦਾ ਸਬੂਤ ਦੇਣ। ਉਨ੍ਹਾਂ ਕਿਹਾ ਕਿ ਬੇਇਨਸਾਫ਼ੀ ਵਿਰੁੱਧ ਆਵਾਜ਼ ਨਾ ਉਠਾਉਣਾ ਜ਼ੁਲਮ ਦੀ ਹਮਾਇਤ ਕਰਨ ਦੇ ਬਰਾਬਰ ਹੈ।

### ਗੁਰੂ ਨਾਨਕ ਜਹਾਜ਼ ਵਾਲੇ ਬਾਬੇ ਦੀ ਅਗਵਾਈ ਵਿੱਚ

# ਜਦੋਂ ਨਿਹੱਥੇ ਮੁਸਾਫਰਾਂ 'ਤੇ ਗੋਲੀਆਂ ਦਾ ਮੀਂਹ ਵਰ੍ਹਿਆ-ਸਾਕਾ ਬਜਬਜਘਾਟ



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



**ਅੱਜ 29 ਸਤੰਬਰ ਲਈ ਵਿਸ਼ੇਸ਼**

**ਜਲ੍ਹਿਆਂਵਾਲੇ ਬਾਗ** ਦੇ ਖ਼ੂਨੀ ਸਾਕੇ ਤੋਂ ਪਹਿਲਾਂ ਅਜਿਹਾ ਹੀ ਇਕ ਹੋਰ ਖ਼ੂਨੀ ਸਾਕਾ ਹਿੰਦੁਸਤਾਨ ਦੀ ਧਰਤੀ 'ਤੇ ਵਾਪਰਿਆ । ਇਸ ਸਾਕੇ ਨੂੰ ਬਜਬਜਘਾਟ ਦੇ ਖ਼ੂਨੀ ਸਾਕੇ ਵਜੋਂ ਹਰ ਦੇਸ਼ ਵਾਸੀ ਯਾਦ ਕਰਦਾ ਹੈ ।ਇਹ ਖ਼ੂਨੀ ਸਾਕਾ ਹੁਗਲੀ ਨਦੀ ਦੇ ਕਿਨਾਰੇ ਬਜਬਜਘਾਟ ਨਾਂਅ ਦੀ ਬੰਦਰਗਾਹ 'ਤੇ 29 ਸਤੰਬਰ, 1914 ਨੂੰ ਵਾਪਰਿਆ । ਇਸ ਖ਼ੂਨੀ ਸਾਕੇ ਸਮੇਂ ਜਿਸ ਜੁਝਾਰੂ ਸਿੱਖ ਆਗੂ ਦੀ ਅਗਵਾਈ ਵਿੱਚ ਸ਼ਹੀਦ ਹੋਣ ਵਾਲੇ ਸ਼ਹੀਦਾਂ ਨੇ ਦੇਸ਼ ਦੀ ਅਜ਼ਾਦੀ ਲਈ ਨਵੀਂ ਚੇਤਨਾ ਪੈਦਾ ਕਰਨ ਲਈ ਕੁਰਬਾਨੀਆਂ ਦਿੱਤੀਆਂ ।ਉਸ ਮਹਾਨ ਸਿੱਖ ਆਗੂ ਨੂੰ ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ ਦੇ ਨਾਂਅ ਨਾਲ ਹਰ ਬਸ਼ਰ ਯਾਦ ਕਰਦਾ ਹੈ । ਬਾਬਾ ਗੁਰਦਿੱਤ ਸਿੰਘ ਦਾ ਜਨਮ ਪਿੰਡ ਸਰਹਾਲੀ ਜ਼ਿਲ੍ਹਾ ਤਰਨਤਾਰਨ ਵਿਖੇ 1861 ਈ: ਨੂੰ ਹੋਇਆ । ਇਨ੍ਹਾਂ ਦੇ ਪਿਤਾ ਜੀ ਸ।ਹੁਕਮ ਸਿੰਘ ਸੰਧੂ ਖੇਤੀਬਾੜੀ ਦਾ ਧੰਦਾ ਕਰਦੇ ਸਨ ।ਬਾਬਾ ਜੀ ਨੇ ਮੁੱਢਲੀ ਸਿੱਖਿਆ ਤੋਂ ਪਿੱਛੋਂ ਪਿਤਾ ਪੁਰਖੀ ਕਿੱਤਾ ਖੇਤੀਬਾੜੀ ਆਰੰਭ ਕੀਤਾ ।ਪਰ ਇਹ ਕਿੱਤਾ ਹੁਣ ਵਾਂਗ ਉਦੋਂ ਵੀ ਲਾਭਕਾਰੀ ਨਹੀਂ ਸੀ ।ਬਾਬਾ ਜੀ ਦੇ ਮਨ ਵਿੱਚ ਵਿਉਪਾਰ ਕਰਨ ਦੀ ਲਗਨ ਸੀ ।ਇਸੇ ਲਗਨ ਨੂੰ ਲੈ ਕੇ ਬਾਬਾ ਜੀ ਪਹਿਲਾਂ ਮਲਾਇਆ ਪਹੁੰਚ ਕੇ ਇਸ ਤੋਂ ਪਿੱਛੋਂ ਹਾਂਗਕਾਂਗ ਚਲੇ ਗਏ ।ਬਾਬਾ ਜੀ ਨੇ ਵਪਾਰ ਕਰਨ ਦੇ ਆਸ਼ੇ ਨੂੰ ਰੱਖ ਕੇ ਕੁਝ ਸਮੇਂ ਲਈ ਠੇਕੇਦਾਰੀ ਦਾ ਕਿੱਤਾ ਕੀਤਾ । ਥੋੜ੍ਹਾ ਸਮਾਂ ਠੇਕੇਦਾਰੀ ਕਰਨ ਤੋਂ ਪਿੱਛੋਂ ਉਨ੍ਹਾਂ ਇਕ ਸਮੁੰਦਰੀ ਜਹਾਜ਼ ਕਾਮਾਗਾਟਾਮਾਰੂ ਕਿਰਾਏ 'ਤੇ ਲੈ ਲਿਆ।

ਬਾਬਾ ਜੀ ਬੜੀ ਤੇਜ਼ ਤਰਾਰ ਬੁੱਧੀ ਦੇ ਮਾਲਕ ਸਨ । ਉਨ੍ਹਾਂ ਦੇ ਮਨ ਵਿੱਚ ਪੰਜਾਬੀਆਂ ਅਤੇ ਵਿਸ਼ੇਸ਼ ਕਰਕੇ ਸਿੱਖਾਂ ਦੀ ਆਰਥਿਕ ਮੰਦਹਾਲੀ ਦਾ ਦੁੱਖ ਅਤੇ ਗੁਲਾਮ ਹੋਣ ਦੀ ਲਾਹਣਤ ਤੋਂ ਇਲਾਵਾ ਅੰਗ੍ਰੇਜ਼ ਸਰਕਾਰ ਦੀ ਲੁੱਟ ਖਸੁੱਟ ਦੀ ਮਾਰੂ ਨੀਤੀ ਘਰ ਕਰ ਚੁੱਕੀ ਸੀ । ਇਨ੍ਹਾਂ ਸਾਂਝੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ 376 ਮੁਸਾਫਰਾਂ ਸਮੇਤ ਇਕ ਜਹਾਜ਼ ਨੂੰ ਕੈਨੇਡਾ ਲਿਜਾਣ ਦਾ ਪ੍ਰੋਗਰਾਮ ਬਣਾ ਲਿਆ । ਇਨ੍ਹਾਂ ਪੰਜਾਬੀ ਮੁਸਾਫਰਾਂ ਵਿੱਚ ਕੇਵਲ 30 ਗੈਰ ਸਿੱਖ ਯਾਤਰੂ ਸਨ । ਬਾਕੀ ਸਾਰੇ ਸਿੱਖ ਸਨ । ਉਨ੍ਹਾਂ ਇਸ ਜਹਾਜ਼ ਦਾ ਨਾਂਅ ਕਾਮਾਗਾਟਾਮਾਰੂ ਦੀ ਥਾਂ 'ਤੇ ਗੁਰੂ ਨਾਨਕ ਜਹਾਜ਼ ਰੱਖਿਆ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਵੀ ਇਸ ਜਹਾਜ਼ ਵਿੱਚ ਕੀਤਾ । ਵਪਾਰਕ ਨਜ਼ਰੀਏ ਨਾਲ ਕੁਝ ਕੋਲਾ ਵੀ ਇਸ ਜਹਾਜ਼ ਵਿੱਚ ਭਰਿਆ ਗਿਆ । ਜਹਾਜ਼ ਨੂੰ ਰਵਾਨਾ ਕਰਨ ਤੋਂ ਪਹਿਲਾਂ ਇਥੇ ਹਕੂਮਤ ਕਰ ਰਹੀ ਅੰਗ੍ਰੇਜ਼ ਸਰਕਾਰ ਨੇ ਬਹੁਤ ਸਾਰੀਆਂ ਰੁਕਾਵਟਾਂ ਪਾਈਆਂ । ਇਨ੍ਹਾਂ ਸਾਰੀਆਂ ਤੰਗੀਆਂ ਤੁਰਸ਼ੀਆਂ ਨੂੰ ਝੱਲਦਿਆਂ ਆਖਰ ਇਹ ਜਹਾਜ਼ ਹਾਂਗਕਾਂਗ ਤੋਂ ਵੈਨਕੂਵਰ ਲਈ 4 ਅਪ੍ਰੈਲ, 1914 ਈ: ਨੂੰ ਰਵਾਨਾ ਹੋਇਆ । ਸਮੁੰਦਰੀ ਸਫ਼ਰ ਤੈਅ ਕਰਕੇ 22 ਮਈ, 1914 ਈ: ਨੂੰ ਇਹ ਜਹਾਜ਼ ਵੈਨਕੂਵਰ (ਕੈਨੇਡਾ) ਪਹੁੰਚਦਿਆਂ ਆਖਰ ਇਸ ਜਹਾਜ਼ ਨੂੰ ਬੰਦਰਗਾਹ ਤੋਂ ਪਿੱਛੇ ਹੀ ਰੋਕ ਲਿਆ ਗਿਆ । ਇਸ ਜਹਾਜ਼ ਵਿੱਚ ਸਫਰ ਕਰ ਰਹੇ ਮੁਸਾਫਰਾਂ ਵਿੱਚੋਂ ਕੇਵਲ ਉਨ੍ਹਾਂ ਯਾਤਰੂਆਂ ਨੂੰ ਉਤਰਨ ਦੀ ਆਗਿਆ ਦਿੱਤੀ ਗਈ, ਜਿਹੜੇ ਕੈਨੇਡਾ ਦੀ ਨਾਗਰਿਕਤਾ ਸਿੱਧ ਕਰ ਸਕੇ । ਬਾਕੀ ਸਾਰੇ ਮੁਸਾਫਿਰ ਲਗਪਗ ਦੋ ਮਹੀਨੇ (23 ਜੁਲਾਈ ਤੱਕ) ਸਮੁੰਦਰ ਵਿੱਚ ਸਖ਼ਤ ਪਹਿਰੇ ਹੇਠ ਰੋਕੀ ਰੱਖੇ । ਇਨ੍ਹਾਂ ਦੋ ਮਹੀਨਿਆਂ ਦੌਰਾਨ ਸਮੁੰਦਰ ਜਹਾਜ਼ ਵਿੱਚ ਰਾਸ਼ਨ ਆਦਿ ਵੀ ਖ਼ਤਮ ਹੋ ਗਿਆ । ਸਮੁੰਦਰ ਵਿੱਚ ਰਹਿਣ ਕਰਕੇ ਬਹੁਤ ਸਾਰੇ ਮੁਸਾਫਰ ਅਨੇਕਾਂ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਗਏ ।

ਅਨੇਕਾਂ ਕਠਿਨਾਈਆਂ ਤੇ ਮੁਸ਼ਕਿਲਾਂ ਦਾ ਸਾਹਮਣਾ ਕਰਕੇ ਇਹ ਮੁਸਾਫਿਰ 29 ਸਤੰਬਰ, 1914 ਈ: ਨੂੰ ਬਾਬਾ ਜੀ ਦੀ ਅਗਵਾਈ ਵਿੱਚ ਹੁਗਲੀ ਬੰਦਰਗਾਹ 'ਤੇ ਪਹੁੰਚੇ । ਇਸ ਘਾਟ ਦਾ ਨਾਂਅ ਬਜਬਜਘਾਟ ਵਜੋਂ ਜਾਣਿਆ ਜਾਂਦਾ ਹੈ । ਭਾਰਤ ਵਿੱਚ ਰਾਜ ਕਰ ਰਹੀ ਅੰਗ੍ਰੇਜ਼ ਸਰਕਾਰ ਨੂੰ ਇਹ ਸਾਰੇ ਮਰਜੀਵੜੇ ਵਿਦਰੋਹੀ ਨਜ਼ਰ ਆਉਂਦੇ ਸਨ, ਕਿਉਂਕਿ ਤਕਰੀਬਨ ਸਾਢੇ ਪੰਜ ਮਹੀਨੇ ਪਿੱਛੋਂ ਇਹ ਭਾਰਤੀ ਬੰਦਰਗਾਹ 'ਤੇ ਪੁੱਜੇ ਸਨ । ਇਨ੍ਹਾਂ ਨੂੰ ਜਹਾਜ਼ ਤੋਂ ਉਤਰਨ ਤੋਂ ਪਹਿਲਾਂ ਸਾਰੇ ਜਹਾਜ਼ ਦੀ ਤਲਾਸ਼ੀ ਲਈ ਗਈ । ਸਰਕਾਰ ਨੇ ਫੈਸਲਾ ਕੀਤਾ ਕਿ ਇਨ੍ਹਾਂ ਭੁੱਖ ਅਤੇ ਬਿਮਾਰੀਆਂ ਤੋਂ ਤੰਗ ਆਏ ਸਾਰੇ ਬਾਗੀ ਮੁਸਾਫਿਰਾਂ ਨੂੰ ਇਕ ਬੰਦ ਰੇਲ ਗੱਡੀ ਰਾਹੀਂ ਪੰਜਾਬ ਭੇਜਿਆ ਜਾਵੇ । 17 ਮੁਸਲਮਾਨ ਮੁਸਾਫਿਰ ਸਰਕਾਰ ਦਾ ਹੁਕਮ ਮੰਨ ਕੇ ਗੱਡੀ ਵਿੱਚ ਸਵਾਰ ਹੋ ਗਏ । ਬਾਕੀ ਸਾਰੇ ਮੁਸਾਫਿਰ ਜੁਝਾਰੂ ਸਿੱਖ ਆਗੂ ਬਾਬਾ ਗੁਰਦਿੱਤ ਸਿੰਘ ਦੀ ਅਗਵਾਈ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਨੂੰ ਲੈ ਕੇ ਸਟੇਸ਼ਨ ਵੱਲ ਨੂੰ ਜਲੂਸ ਦੀ ਸ਼ਕਲ ਵਿੱਚ ਪੈਦਲ ਚਲ ਪਏ । ਉਨ੍ਹਾਂ ਪਲੇਟਫਾਰਮ 'ਤੇ ਬੈਠ ਕੇ ਰਹਿਰਾਸ ਸਾਹਿਬ ਦਾ ਪਾਠ ਆਰੰਭ ਕੀਤਾ । ਏਨੇ ਨੂੰ ਫੌਜ ਅਤੇ ਪੁਲਸ ਦੀਆਂ ਟੁੱਕੜੀਆਂ ਨੇ ਇਨ੍ਹਾਂ ਜੁਝਾਰੂ ਪੰਜਾਬੀਆਂ ਉੱਤੇ ਗੋਲੀਆਂ ਦੀ ਬੁਛਾੜ ਸ਼ੁਰੂ ਕਰ ਦਿੱਤੀ । ਬਹੁਤ ਸਾਰੇ ਯਾਤਰੂ ਗ੍ਰਿਫਤਾਰ ਕਰ ਲਏ ਗਏ । ਸਰਕਾਰੀ ਰਿਕਾਰਡ ਮੁਤਾਬਕ 18 ਮੁਸਾਫਿਰ ਸ਼ਹਾਦਤ ਦਾ ਜਾਮ ਪੀ ਗਏ । ਇਸ ਬਜਬਜਘਾਟ ਦੇ ਖ਼ੂਨੀ ਸਾਕੇ ਨੇ ਦੇਸ਼ ਭਗਤਾਂ ਅੰਦਰ ਅਜ਼ਾਦੀ ਦੀ ਚਿਣਗ ਨੂੰ ਹੋਰ ਤਿੱਖਾ ਕੀਤਾ ।

ਇਸ ਖ਼ੂਨੀ ਸਾਕੇ ਸਮੇਂ ਬਾਬਾ ਗੁਰਦਿੱਤ ਸਿੰਘ ਆਪਣੇ ਹੋਰ 28 ਸਾਥੀਆਂ ਸਮੇਤ ਇਸ ਜਗ੍ਹਾਂ ਤੋਂ ਬਚ ਕੇ ਨਿਕਲ ਜਾਣ ਵਿੱਚ ਕਾਮਯਾਬ ਹੋ ਗਏ । ਇਹ ਜੁਝਾਰੂ ਬਾਬਾ ਛੇ ਸਾਲ ਤੱਕ ਗੁਪਤਵਾਸ ਵਿੱਚ ਰਿਹਾ । ਇਸ ਤੋਂ ਪਿੱਛੋਂ ਉਹ ਲੋਕਾਂ ਸਾਹਮਣੇ ਆਏ । ਕਈ ਵਾਰ ਇਸ ਦੇਸ਼ ਭਗਤ ਬਾਬੇ ਨੂੰ ਸਖ਼ਤ ਕੈਦ ਕੱਟਣੀ ਪਈ । ਉਹ ਹੁਣ ਪੂਰੀ ਤਰ੍ਹਾਂ ਰਾਸ਼ਟਰੀ ਅੰਦੋਲਨ ਵਿੱਚ ਸ਼ਾਮਿਲ ਹੋ ਚੁੱਕਾ ਸੀ । ਇਸ ਦੌਰਾਨ ਅਜ਼ਾਦੀ ਲਈ ਘੋਲ ਕਰ ਰਹੇ ਰਾਸ਼ਟਰੀ ਆਗੂਆਂ ਨੂੰ ਗੁਪਤਵਾਸ ਦੌਰਾਨ ਮਿਲਦਾ ਵੀ ਰਿਹਾ । 1926 ਈ: ਵਿੱਚ ਜਦੋਂ ਸ।ਸਰਮੁੱਖ ਸਿੰਘ ਝਬਾਲ ਜੇਲ੍ਹ ਚਲਾ ਗਿਆ ਤਾਂ ਬਾਬਾ ਜੀ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕਾਰਜਕਾਰੀ ਪ੍ਰਧਾਨ ਬਣਾਇਆ ਗਿਆ । 1926 ਈ: ਵਿੱਚ ਹੀ ਇੰਡੀਅਨ ਨੈਸ਼ਨਲ ਕਾਂਗਰਸ ਨੇ ਗੁਹਾਟੀ ਸੈਸ਼ਨ ਵਿੱਚੋਂ 50 ਸਿੱਖ ਡੈਲੀਗੇਟਾਂ ਸਮੇਤ ਵਾਕਆਊਟ ਕੀਤਾ, ਕਿਉਂਕਿ ਉਸ ਸਮੇਂ ਸਬਜੈਕਟ ਕਮੇਟੀ ਨੇ ਆਪਣੇ ਪਾਸ ਹੋਣ ਵਾਲੇ ਮਤਿਆਂ ਵਿੱਚ ਮਹਾਰਾਜਾ ਨਾਭਾ ਸ।ਰਿਪੁਦਮਨ ਸਿੰਘ ਨੂੰ ਅੰਗ੍ਰੇਜ਼ਾਂ ਵੱਲੋਂ ਗੱਦੀ ਤੋਂ ਵੱਖ ਕਰਨ ਦੀ ਬੇਇਨਸਾਫੀ ਵਿਰੁੱਧ ਮਤਾ ਪਾਸ ਕਰਨ ਤੋਂ ਇਨਕਾਰ ਕਰ ਦਿੱਤਾ ਸੀ । ਇਸ ਤੋਂ ਪਿੱਛੋਂ 1931 ਤੋਂ 1933 ਈ: ਤੱਕ ਬਾਬਾ ਜੀ ਨੂੰ ਰਾਜਨੀਤਿਕ ਗਤੀਵਿਧੀਆਂ ਕਾਰਨ ਤਿੰਨ ਵਾਰ ਜੇਲ੍ਹ ਜਾਣਾ ਪਿਆ । 1937 ਈ: ਵਿੱਚ ਕਾਂਗਰਸ ਵੱਲੋਂ ਵਿਧਾਇਕ ਦੀ ਚੋਣ ਲੜੀ, ਪਰ ਹਾਰ ਗਏ । ਇਹ ਮਹਾਨ ਜੁਝਾਰੂ ਸਿੱਖ ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ 94 ਵਰ੍ਹਿਆਂ ਦੀ ਉਮਰ ਭੋਗ ਕੇ ਅੰਮ੍ਰਿਤਸਰ ਵਿਖੇ 24 ਜੁਲਾਈ, 1954 ਨੂੰ ਅਕਾਲ ਚਲਾਣਾ ਕਰ ਗਏ । ਬਜਬਜਘਾਟ ਦੇ ਖ਼ੂਨੀ ਸਾਕੇ ਦੀ ਬਣੀ ਹੋਈ ਸ਼ਹੀਦੀ ਯਾਦਗਾਰ ਅੱਜ ਵੀ ਬਾਬਾ ਜੀ ਦੀ ਅਗਵਾਈ ਵਿੱਚ ਵਾਪਰੇ ਇਸ ਖ਼ੂਨੀ ਸਾਕੇ ਦੀ ਯਾਦ ਨੂੰ ਤਾਜ਼ਾ ਕਰ ਰਹੀ ਹੈ।

### ਅੰਮ੍ਰਿਤਸਰ ਦੀਆਂ ਵਪਾਰਕ ਬਿਲਡਿੰਗਾਂ 'ਚ ਪਾਰਕਿੰਗ ਦੇ ਨਾਂ 'ਤੇ

# ਲੋਕਾਂ ਦੀ ਲੁੱਟ ਬਰਦਾਸ਼ਤ ਤੋਂ ਬਾਹਰ: ਇੰਜੀ. ਦਲਜੀਤ ਸਿੰਘ ਕੋਹਲੀ



**ਚੌਕ ਮਹਿਤਾ 28 ਸਿਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੰਮ੍ਰਿਤਸਰ ਸ਼ਹਿਰ ਦੇ ਭੀੜ-ਭੜੱਕੇ ਵਾਲੇ ਬਾਜ਼ਾਰਾਂ ਵਿੱਚ ਬਣੇ ਵੱਡੇ ਹਸਪਤਾਲਾਂ, ਡਾਇਗਨੋਸਟਿਕ ਸੈਂਟਰਾਂ ਅਤੇ ਮਾਲਾਂ (ਵੱਡੀਆਂ ਦੁਕਾਨਾਂ) ਵੱਲੋਂ ਨਕਸ਼ੇ ਪਾਸ ਕਰਵਾਉਣ ਵੇਲੇ ਦਿਖਾਈਆਂ ਬੇਸਮੈਂਟਾਂ 'ਚ ਹੋ ਰਹੇ ਨੇ ਵਪਾਰ, ਗੱਡੀਆਂ ਸੜਕਾਂ ਤੇ ਲਗਾ ਕੇ ਵਧਾਈ ਜਾ ਰਹੀ ਟ੍ਰੈਫਿਕ ਸਮਸਿਆ ਅਤੇ ਪਾਰਕਿੰਗ ਦੇ ਨਾਂ 'ਤੇ ਕੀਤੀ ਜਾ ਰਹੀ ਲੋਕਾਂ ਦੀ ਲੁੱਟ ਅਤੇ ਟ੍ਰੈਫਿਕ ਨਿਯਮਾਂ ਦੀਆਂ ਉੱਡ ਰਹੀਆਂ ਧੱਜੀਆਂ 'ਤੇ ਇੰਜੀ. ਦਲਜੀਤ ਸਿੰਘ ਕੋਹਲੀ, ਪ੍ਰਧਾਨ ਅੰਮ੍ਰਿਤਸਰ ਹਰਿਆਵਲ ਮੰਚ ਨੇ ਸਖ਼ਤ ਇਤਰਾਜ਼ ਜਤਾਇਆ ਹੈ। ਇੰਜੀ. ਕੋਹਲੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਸ਼ਹਿਰ ਦੀਆਂ ਅਹਿਮ ਸੜਕਾਂ 'ਤੇ ਬਣੀਆਂ ਵੱਡੀਆਂ ਵਪਾਰਕ ਇਮਾਰਤਾਂ ਦੀ ਉਸਾਰੀ ਸਮੇਂ ਨਕਸ਼ੇ ਵਿੱਚ ਜਨਤਾ ਦੀ ਸਹੂਲਤ ਲਈ ਬੇਸਮੈਂਟ ਪਾਰਕਿੰਗ ਪਾਸ ਤਾਂ ਕਰਵਾਈ ਜਾਂਦੀ ਹੈ ਪ੍ਰੰਤੂ ਆਮ ਲੋਕਾਂ ਅਤੇ ਮਰੀਜ਼ਾਂ ਨਾਲ ਆਉਣ ਵਾਲੇ ਪਰਿਵਾਰਾਂ ਨੂੰ ਆਪਣੀਆਂ ਗੱਡੀਆਂ ਇਮਾਰਤ ਦੇ ਅੰਦਰ ਲਗਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਂਦੀ। ਉਨ੍ਹਾਂ ਦੋਸ਼ ਲਗਾਇਆ ਕਿ ਇੰਝ ਲੱਗਦਾ ਐ ਕਿ ਇਨ੍ਹਾਂ ਅਦਾਰਿਆਂ ਵੱਲੋਂ 'ਵੈਲੇਟ ਪਾਰਕਿੰਗ' ਵਾਲੀਆਂ ਪ੍ਰਾਈਵੇਟ ਕੰਪਨੀਆਂ ਨੂੰ ਖੁੱਲ ਦਿੱਤੀ ਹੋਈ ਹੈ। ਇਹ ਕੰਪਨੀਆਂ ਲੋਕਾਂ ਤੋਂ ਮਨਮਰਜ਼ੀ ਦੇ ਪੈਸੇ ਵਸੂਲਦੀਆਂ ਹਨ ਅਤੇ ਗੱਡੀਆਂ ਨੂੰ ਸੁਰੱਖਿਅਤ ਪਾਰਕਿੰਗ ਵਿੱਚ ਲਗਾਉਣ ਦੀ ਬਜਾਏ, ਦੂਰ-ਦੂਰ ਤੱਕ ਸੜਕਾਂ ਦੇ ਕਿਨਾਰੇ ਖੜ੍ਹੀਆਂ ਕਰ ਦਿੰਦੀਆਂ ਹਨ। ਇਸ ਨਾਲ ਨਾ ਸਿਰਫ਼ ਆਮ ਪਬਲਿਕ ਲਈ ਭਾਰੀ ਦਿੱਕਤ ਪੈਦਾ ਹੁੰਦੀ ਹੈ, ਸਗੋਂ ਸ਼ਹਿਰ ਵਿੱਚ ਟ੍ਰੈਫਿਕ ਸਮਸਿਆ ਅਤੇ ਜਾਮ ਦੀ ਸਥਿਤੀ ਵੀ ਗੰਭੀਰ ਬਣ ਰਹੀ ਹੈ। ਇੰਜੀ. ਕੋਹਲੀ ਨੇ ਮਾਨਯੋਗ ਕਮਿਸ਼ਨਰ ਨਗਰ ਨਿਗਮ , ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਐਸ.ਪੀ. ਟ੍ਰੈਫਿਕ ਪੁਲਿਸ, ਮੇਅਰ ਸਾਹਿਬ, ਸੰਸਦ ਮੈਂਬਰ ਅਤੇ ਵਿਧਾਇਕਾਂ ਨੂੰ ਅਪੀਲ ਕੀਤੀ ਕਿ 1.ਸ਼ਹਿਰ ਦੀਆਂ ਸਾਰੀਆਂ ਵੱਡੀਆਂ ਵਪਾਰਕ ਇਮਾਰਤਾਂ ਖਾਸ ਕਰਕੇ ਹਸਪਤਾਲਾਂ ਅਤੇ ਮਾਲਾਂ ਅਤੇ ਵੱਡੀਆਂ ਦੁਕਾਨਾਂ ਦੀ ਪਾਰਕਿੰਗ ਵਿਵਸਥਾ ਦੀ ਤੁਰੰਤ ਜਾਂਚ ਕੀਤੀ ਜਾਵੇ।2. ਜਿਨ੍ਹਾਂ ਇਮਾਰਤਾਂ ਨੇ ਪਾਰਕਿੰਗ ਲਈ ਰੱਖੀ ਬੇਸਮੈਂਟ ਦੀ ਵਪਾਰਕ ਵਰਤੋਂ ਕੀਤੀ ਹੈ, ਉਨ੍ਹਾਂ ਖਿਲਾਫ਼ ਸਖ਼ਤ ਬਣਦੀ ਕਾਰਵਾਈ ਕਰਦੇ ਹੋਏ ਬੇਸਮੈਂਟ ਸੀਲ ਕੀਤੇ ਜਾਣ।3.ਸੜਕਾਂ 'ਤੇ ਨਜਾਇਜ਼ ਵੈਲੇਟ ਪਾਰਕਿੰਗ ਲਗਾ ਕੇ ਟ੍ਰੈਫਿਕ ਜਾਮ ਕਰਨ ਵਾਲਿਆਂ ਅਦਾਰਿਆਂ ਦੇ ਚਲਾਨ ਕੱਟੇ ਜਾਣ। ਅੰਤ ਵਿੱਚ ਇੰਜ ਦਲਜੀਤ ਸਿੰਘ ਕੋਹਲੀ ਨੇ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਅਤੇ ਜਾਗਰੂਕ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਗੰਭੀਰ ਮੁੱਦੇ 'ਤੇ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਤਾਂ ਜੋ ਅੰਮ੍ਰਿਤਸਰ ਦਾ ਟ੍ਰੈਫਿਕ ਪ੍ਰਬੰਧ ਸੁਚਾਰੂ ਹੋ ਸਕੇ ਅਤੇ ਲੋਕਾਂ ਨੂੰ ਆਰਥਿਕ ਅਤੇ ਮਾਨਸਿਕ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।

# LPU ਤੇ ਚਿਤਕਾਰਾ ਯੂਨੀਵਰਸਿਟੀ ਦੀਆਂ ਘਟਨਾਵਾਂ ਦੀ ਉੱਚ ਪੱਧਰੀ ਜਾਂਚ ਦੀ ਮੰਗ

## ਨਿਰਦੋਸ਼ ਵਿਦਿਆਰਥੀਆਂ ਨਾਲ ਬੇਇਨਸਾਫ਼ੀ ਨਾ ਹੋਵੇ, ਦੋਸ਼ੀਆਂ ਖਿਲਾਫ਼ ਹੋਵੇ ਸਖ਼ਤ ਕਾਰਵਾਈ : ਪੀਰ ਮੁਹੰਮਦ





**ਚੰਡੀਗੜ੍ਹ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਚਿਤਕਾਰਾ ਯੂਨੀਵਰਸਿਟੀ ਨਾਲ ਸਬੰਧਤ ਹਾਲੀਆ ਘਟਨਾਵਾਂ ਨੂੰ ਲੈ ਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਗੰਭੀਰ ਚਿੰਤਾ ਜ਼ਾਹਰ ਕਰਦਿਆਂ ਪੂਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।ਸ਼੍ਰੋਮਣੀ ਅਕਾਲੀ ਦਲ ਪੁਨਰ-ਸਰਜੀਤ ਦੇ ਮੁੱਖ ਬੁਲਾਰੇ ਤੇ ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਪੀਰ ਮੁਹੰਮਦ ਅਤੇ AISSF ਦੇ ਪ੍ਰਧਾਨ ਭਾਈ ਕੰਵਰ ਚੜਤ ਸਿੰਘ ਨੇ ਕਿਹਾ ਕਿ ਹਾਲੀਆ ਘਟਨਾਵਾਂ ਦੇ ਹਰ ਪਹਿਲੂ ਦੀ ਨਿਰਪੱਖ ਅਤੇ ਬਰੀਕੀ ਨਾਲ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਖ਼ਾਸ ਤੌਰ 'ਤੇ ਕਥਿਤ ਆਊਟਸਾਈਡਰਾਂ ਦੀ ਸ਼ਮੂਲੀਅਤ ਅਤੇ ਅਫਵਾਹਾਂ ਦੇ ਫੈਲਾਅ ਦੀ ਵੀ ਜਾਂਚ ਕਰਨ ਦੀ ਮੰਗ ਕੀਤੀ। ਪੀਰ ਮੁਹੰਮਦ ਨੇ ਕਿਹਾ ਕਿ ਕਿਸੇ ਵੀ ਬੇਗੁਨਾਹ ਵਿਦਿਆਰਥੀ ਨਾਲ ਧੱਕਾ ਨਹੀਂ ਹੋਣਾ ਚਾਹੀਦਾ ਅਤੇ ਬਿਨਾਂ ਪੂਰੀ ਜਾਂਚ ਦੇ ਕਿਸੇ ਵਿਦਿਆਰਥੀ ਖ਼ਿਲਾਫ਼ ਕਾਰਵਾਈ ਨਹੀਂ ਕੀਤੀ ਜਾਣੀ ਚਾਹੀਦੀ। ਉਨ੍ਹਾਂ ਕਿਹਾ ਕਿ ਜਾਂਚ ਵਿੱਚ ਜਿਹੜੇ ਵਿਅਕਤੀ ਕਾਨੂੰਨ ਅਨੁਸਾਰ ਦੋਸ਼ੀ ਪਾਏ ਜਾਣ, ਉਨ੍ਹਾਂ ਖ਼ਿਲਾਫ਼ ਹੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

**ਦਾਖਲਾ ਨੀਤੀ ਅਤੇ ਵੈਰੀਫਿਕੇਸ਼ਨ ਦਾ ਮੁੱਦਾ ਵੀ ਉਠਾਇਆ**-AISSF ਆਗੂਆਂ ਨੇ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚ ਹੋਣ ਵਾਲੇ ਦਾਖਲਿਆਂ ਅਤੇ ਹੋਰ ਸੂਬਿਆਂ ਤੋਂ ਆਉਣ ਵਾਲੇ ਵਿਦਿਆਰਥੀਆਂ ਦੀ ਵੈਰੀਫਿਕੇਸ਼ਨ ਸਬੰਧੀ ਵੀ ਸਰਕਾਰ ਤੋਂ ਸਪੱਸ਼ਟ ਨੀਤੀ ਬਣਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਵਿਦਿਅਕ ਅਦਾਰਿਆਂ ਵਿੱਚ ਸੁਰੱਖਿਅਤ ਅਤੇ ਸ਼ਾਂਤਮਈ ਮਾਹੌਲ ਕਾਇਮ ਰੱਖਣ ਲਈ ਯੂਨੀਵਰਸਿਟੀ ਪ੍ਰਬੰਧਨਾਂ, ਪੁਲਿਸ ਅਤੇ ਸਰਕਾਰ ਵਿਚਕਾਰ ਬਿਹਤਰ ਤਾਲਮੇਲ ਹੋਣਾ ਜ਼ਰੂਰੀ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਮਾਮਲੇ ਦੀ ਤੱਥਾਂ ਦੇ ਆਧਾਰ 'ਤੇ ਜਾਂਚ ਕਰਵਾ ਕੇ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਵਿਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਾਈਚਾਰਕ ਸਾਂਝ ਨੂੰ ਯਕੀਨੀ ਬਣਾਉਣ ਲਈ ਢੁੱਕਵੇਂ ਕਦਮ ਚੁੱਕੇ ਜਾਣ।

## ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਸੈਂਚੀ ਸਾਹਿਬ ਵੱਲ ਪਿੱਠ ਕਰਕੇ ਬੈਠਣ ਦਾ ਮਾਮਲਾ ਭਖਿਆ

## ਦਿੱਲੀ ਕਮੇਟੀ ਪ੍ਰਬੰਧਕਾਂ ਨੂੰ ਤਖ਼ਤ ਸਾਹਿਬ ਤਲਬ ਕਰਣ ਦੀ ਮੰਗ : ਭਾਈ ਭਿਉਰਾ



ਭਾਈ ਅਵਤਾਰ ਸਿੰਘ ਭਿਉਰੇ ਨੇ ਸਖ਼ਤ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਸੈਂਚੀ ਸਾਹਿਬ ਦੇ ਪ੍ਰਕਾਸ਼ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜ਼ਿੰਮੇਵਾਰ ਅਹੁਦੇਦਾਰਾਂ ਵੱਲੋਂ ਸੈਂਚੀ ਸਾਹਿਬ ਵੱਲ ਪਿੱਠ ਕਰਕੇ ਬੈਠਣਾ ਸਿੱਖ ਮਰਿਆਦਾ ਦੀ ਬੇਹੱਦ ਗੰਭੀਰ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਬੈਠਣ ਦੇ ਢੰਗ ਜਾਂ ਕਿਸੇ ਆਮ ਗਲਤੀ ਦਾ ਨਹੀਂ, ਸਗੋਂ ਗੁਰੂ ਸਾਹਿਬ ਦੀ ਹਜ਼ੂਰੀ ਨਾਲ ਜੁੜੀ ਮਰਿਆਦਾ ਦਾ ਮਾਮਲਾ ਹੈ, ਜਿਸ ਨੂੰ ਸੰਗਤ ਵੱਲੋਂ ਭਾਰੀ ਬੇਅਦਬੀ ਵਜੋਂ ਦੇਖਿਆ ਜਾ ਰਿਹਾ ਹੈ।

ਭਾਈ ਭਿਉਰੇ ਨੇ ਕਿਹਾ ਕਿ ਜਿਸ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਮਹਾਨ ਸ਼ਹੀਦ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਹੋ ਰਿਹਾ ਹੋਵੇ, ਉਸ ਮੌਕੇ ਸੈਂਚੀ ਸਾਹਿਬ ਦੀ ਹਜ਼ੂਰੀ ਵਿੱਚ ਮਰਿਆਦਾ ਦਾ ਇਸ ਤਰ੍ਹਾਂ ਉਲੰਘਣ ਹੋਣਾ ਹੋਰ ਵੀ ਗੰਭੀਰ ਅਤੇ ਦੁਖਦਾਈ ਹੈ। ਜੇਕਰ ਗੁਰਦੁਆਰਾ ਪ੍ਰਬੰਧ ਸੰਭਾਲਣ ਵਾਲੇ ਅਹੁਦੇਦਾਰ ਹੀ ਪਾਵਨ ਬਾਣੀ ਅਤੇ ਸੈਂਚੀ ਸਾਹਿਬ ਦੀ ਹਜ਼ੂਰੀ ਨਾਲ ਸਬੰਧਤ ਮਰਿਆਦਾ ਦਾ ਧਿਆਨ ਨਹੀਂ ਰੱਖਦੇ ਤਾਂ ਸੰਗਤ ਇਸ ਦੀ ਜਵਾਬਦੇਹੀ ਕਿਸ ਕੋਲੋਂ ਮੰਗੇ ?

ਉਨ੍ਹਾਂ ਕਿਹਾ ਕਿ ਸਿੱਖ ਮਰਿਆਦਾ ਦੀ ਰੱਖਿਆ ਕਰਨ ਵਾਲੇ ਅਹੁਦੇਦਾਰਾਂ ਵੱਲੋਂ ਹੀ ਅਜਿਹੀ ਘਟਨਾ ਵਾਪਰਨਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਖ਼ਾਸ ਤੌਰ 'ਤੇ ਪ੍ਰਧਾਨ, ਜਨਰਲ ਸਕੱਤਰ ਅਤੇ ਧਰਮ ਪ੍ਰਚਾਰ ਨਾਲ ਜੁੜੇ ਜ਼ਿੰਮੇਵਾਰ ਅਹੁਦੇਦਾਰਾਂ ਦੀ ਮੌਜੂਦਗੀ ਵਿੱਚ ਜੇਕਰ ਇਹ ਘਟਨਾ ਵਾਪਰੀ ਹੈ ਤਾਂ ਇਸ ਦੀ ਪੂਰੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਅਜਿਹੇ ਮਾਮਲੇ ਨੂੰ ਸਿਰਫ਼ ਮੁਆਫ਼ੀ ਜਾਂ ਸਪੱਸ਼ਟੀਕਰਨ ਤੱਕ ਸੀਮਤ ਕਰਕੇ ਖ਼ਤਮ ਕਰਨਾ ਸੰਗਤ ਦੀਆਂ ਭਾਵਨਾਵਾਂ ਨਾਲ ਇਨਸਾਫ਼ ਨਹੀਂ ਹੋਵੇਗਾ।

ਭਾਈ ਭਿਉਰੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਨੂੰ ਪੁਰਜ਼ੋਰ ਮੰਗ ਕੀਤੀ ਕਿ ਇਸ ਗੰਭੀਰ ਘਟਨਾ ਦਾ ਤੁਰੰਤ ਨੋਟਿਸ ਲਿਆ ਜਾਵੇ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਸਬੰਧਤ ਅਹੁਦੇਦਾਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੂਰੇ ਮਾਮਲੇ ਦੀ ਜਾਂਚ ਕਰਕੇ ਇਹ ਨਿਰਧਾਰਤ ਕੀਤਾ ਜਾਵੇ ਕਿ ਸੈਂਚੀ ਸਾਹਿਬ ਦੀ ਹਜ਼ੂਰੀ ਵਿੱਚ ਮਰਿਆਦਾ ਦੀ ਉਲੰਘਣਾ ਕਿਵੇਂ ਅਤੇ ਕਿਨ੍ਹਾਂ ਦੀ ਲਾਪਰਵਾਹੀ ਨਾਲ ਹੋਈ। ਜੇਕਰ ਧਾਰਮਿਕ ਮਰਿਆਦਾ ਦੀ ਉਲੰਘਣਾ ਸਾਬਤ ਹੁੰਦੀ ਹੈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਅਨੁਸਾਰ ਸਖ਼ਤ ਧਾਰਮਿਕ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਜੇਕਰ ਅੱਜ ਗੁਰੂ ਸਾਹਿਬ ਦੀ ਹਜ਼ੂਰੀ ਨਾਲ ਸਬੰਧਤ ਅਜਿਹੇ ਗੰਭੀਰ ਮਾਮਲੇ ਨੂੰ ਨਜ਼ਰਅੰਦਾਜ਼ ਕਰ ਦਿੱਤਾ ਗਿਆ ਤਾਂ ਭਵਿੱਖ ਵਿੱਚ ਮਰਿਆਦਾ ਦੀ ਉਲੰਘਣਾ ਕਰਨ ਵਾਲਿਆਂ ਨੂੰ ਹੋਰ ਹੌਸਲਾ ਮਿਲ ਸਕਦਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜ਼ਿੰਮੇਵਾਰੀ ਹੈ ਕਿ ਗੁਰੂ ਸਾਹਿਬ ਦੀ ਮਰਿਆਦਾ ਨਾਲ ਸਬੰਧਤ ਮਾਮਲਿਆਂ ਵਿੱਚ ਨਿਰਪੱਖ ਜਾਂਚ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾਵੇ।

ਭਾਈ ਭਿਉਰੇ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੇ ਅਹੁਦੇਦਾਰਾਂ ਨੂੰ ਸੰਗਤ ਦੇ ਸਾਹਮਣੇ ਮਰਿਆਦਾ ਦੀ ਮਿਸਾਲ ਬਣਨਾ ਚਾਹੀਦਾ ਹੈ। ਜੇਕਰ ਉਹ ਖੁਦ ਹੀ ਮਰਿਆਦਾ ਦੀ ਉਲੰਘਣਾ ਦੇ ਦੋਸ਼ਾਂ ਵਿੱਚ ਘਿਰਦੇ ਹਨ ਤਾਂ ਇਸ ਮਾਮਲੇ ਨੂੰ ਦਬਾਉਣ ਦੀ ਬਜਾਏ ਸੰਗਤ ਦੇ ਸਾਹਮਣੇ ਸਪੱਸ਼ਟ ਜਵਾਬਦੇਹੀ ਤੈਅ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਮੁੜ ਮੰਗ ਕੀਤੀ ਕਿ ਇਸ ਨੂੰ ਗੰਭੀਰ ਧਾਰਮਿਕ ਮਾਮਲਾ ਮੰਨਦਿਆਂ ਸਬੰਧਤ ਅਹੁਦੇਦਾਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਕੀਤਾ ਜਾਵੇ ਅਤੇ ਜਾਂਚ ਉਪਰੰਤ ਬਣਦੀ ਧਾਰਮਿਕ ਕਾਰਵਾਈ ਕੀਤੀ ਜਾਵੇ।

-ਅਵਤਾਰ ਸਿੰਘ ਭਿਉਰਾ, ਮੋ. 8076569189


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਅਮਰੀਕੀ ਸ਼ਫ਼ੀਰ ਵ਼ਫ਼ਦ ਸਮੇਤ

# ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੂਚਨਾ ਕੇਂਦਰ ਵਿਖੇ ਕੀਤਾ ਸਨਮਾਨ











**ਅੰਮ੍ਰਿਤਸਰ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਸਫ਼ੀਰ ਸਰਜੀਓ ਗੋਰ ਨੇ ਅੱਜ 28 ਮੈਂਬਰੀ ਵਫ਼ਦ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਅਮਰੀਕੀ ਸਫ਼ੀਰ ਦਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਧਾਰਮਿਕ ਪੁਸਤਕਾਂ ਅਤੇ ਲੋਈ ਦੇ ਕੇ ਸਨਮਾਨ ਕੀਤਾ।

ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਮਰੀਕੀ ਵਫ਼ਦ ਦਾ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਣ ’ਤੇ ਸਵਾਗਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਅਧਿਆਤਮਕ ਪ੍ਰੇਰਣਾ ਦਾ ਕੇਂਦਰ ਹੈ, ਜਿੱਥੇ ਹਰ ਧਰਮ, ਵਰਗ ਅਤੇ ਦੇਸ਼ ਦੇ ਲੋਕ ਬਿਨਾਂ ਕਿਸੇ ਭੇਦਭਾਵ ਦੇ ਨਤਮਸਤਕ ਹੋਣ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਚਾਰਧਾਰਾ ਸਮੁੱਚੀ ਮਾਨਵਤਾ ਨੂੰ ਬਰਾਬਰੀ, ਸੇਵਾ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬੀਤੇ ਦਿਨੀਂ ਅਮਰੀਕਾ ਵਿਚ ਸਿੰਘ ਸ਼ਬਦ ਦਾ ਇਸਤੇਮਾਲ ਕਰਕੇ ਜਾਰੀ ਹੋਏ ਪੋਸਟਰ ਦੇ ਮਾਮਲੇ ਸਬੰਧੀ ਵੀ ਅਮਰੀਕੀ ਵਫ਼ਦ ਨਾਲ ਚਰਚਾ ਕੀਤੀ ਉਨ੍ਹਾਂ ਕਿਹਾ ਕਿ ਭਾਵੇਂ ਸ਼੍ਰੋਮਣੀ ਕਮੇਟੀ ਵੱਲੋਂ ਮੇਲ ਰਾਹੀਂ ਕੀਤੇ ਇਤਰਾਜ ਮਗਰੋਂ ਇਸ ਪੋਸਟ ਹਟਾ ਦਿੱਤਾ ਗਿਆ ਸੀ ਪਰ ਅਗੋਂ ਅਜਿਹਾ ਨਾ ਹੋਵੇ ਇਸ ਲਈ ਜ਼ਰੂਰੀ ਕਦਮ ਚੁੱਕਣ ਲਈ ਆਖਿਆ ਗਿਆ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਵਿਕਾਸ ਵਿੱਚ ਪੰਜਾਬੀਆਂ ਅਤੇ ਖਾਸਕਰ ਸਿੱਖਾਂ ਦਾ ਵੱਡਾ ਯੋਗਦਾਨ ਹੈ ਅਤੇ ਸਰਕਾਰ ਨੂੰ ਇਥੇ ਵੱਸਦੇ ਹਰ ਭਾਈਚਾਰੇ ਦੀ ਸੁਰੱਖਿਆ ਲਈ ਢੁਕਵੇਂ ਕਦਮ ਚੁੱਕਣੇ ਚਾਹੀਦੇ ਹਨ। ਇਸੇ ਦੌਰਾਨ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੁਨੀਆ ਭਰ ਤੋਂ ਵੱਖ-ਵੱਖ ਦੇਸ਼ਾਂ ਅਤੇ ਧਰਮਾਂ ਨਾਲ ਸਬੰਧਤ ਸ਼ਰਧਾਲੂ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰ ਦੀ ਪਰੰਪਰਾ ਅਨੁਸਾਰ ਹਰ ਆਉਣ ਵਾਲੇ ਦਾ ਸਤਿਕਾਰ ਕੀਤਾ ਜਾਂਦਾ ਹੈ ਅਤੇ ਗੁਰੂ ਸਾਹਿਬ ਦੀ ਪਾਵਨ ਹਜ਼ੂਰੀ ਵਿੱਚ ਮਨੁੱਖਤਾ ਦੀ ਭਲਾਈ ਅਤੇ ਆਪਸੀ ਸਦਭਾਵਨਾ ਦੀ ਕਾਮਨਾ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਨਾਲ ਸਿੱਖ ਕੌਮ ਦਾ ਪੁਰਾਣਾ ਨਾਤਾ ਹੈ ਮਹਾਰਾਜਾ ਰਣਜੀਤ ਸਿੰਘ ਦੀ ਫੌਜ ਵਿਚ ਕਈ ਅਧਿਕਾਰੀ ਸਨ ਸੋ ਅਮਰੀਕਾ ਨਾਲ ਸਬੰਧਤ ਸਨ। ਉਨ੍ਹਾਂ ਦੱਸਿਆ ਕਿ ਅਮਰੀਕੀ ਵਫ਼ਦ ਨਾਲ ਉਥੇ ਵਸਦੇ ਸਿੱਖਾਂ ਦੇ ਮਾਮਲਿਆਂ ਨੂੰ ਵੀ ਵਿਚਾਰਿਆ ਗਿਆ ਹੈ। ਇਸ ਦੌਰਾਨ ਅਮਰੀਕੀ ਸਫ਼ੀਰ ਸਰਜੀਓ ਗੋਰ ਨੇ ਸ੍ਰੀ ਹਰਿਮੰਦਰ ਸਾਹਿਬ ਦੀ ਪਾਵਨ ਮਰਯਾਦਾ, ਗੁਰਬਾਣੀ ਕੀਰਤਨ ਅਤੇ ਗੁਰੂ ਘਰ ਦੀ ਸੇਵਾ-ਪਰੰਪਰਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਵਿਜ਼ਟਰ ਬੁੱਕ ਵਿੱਚ ਆਪਣੀਆਂ ਭਾਵਨਾਵਾਂ ਪ੍ਰਗਟ ਕਰਦਿਆਂ ਉਨ੍ਹਾਂ ਲਿਖਿਆ ਇਕ ਖਾਸ ਜਗ੍ਹਾ ਤੇ ਵਾਪਸ ਆਉਣ ਮਾਣ ਮਹਿਸੂਸ ਹੋ ਰਿਹਾ ਹੈ। ਉਹ 15 ਸਾਲ ਪਹਿਲਾਂ ਵੀ ਇਥੇ ਨਤਮਸਤਕ ਹੋਣ ਆਏ ਸਨ। ਇਸ ਮੌਕੇ ਓਐਸਡੀ ਸ. ਸਤਬੀਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾ.ਹਬਾਜ਼ ਸਿੰਘ, ਵਧੀਕ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਮੀਤ ਸਕੱਤਰ ਸ. ਹਰਭਜਨ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਰਨਲ ਮੈਨੇਜਰ ਸ. ਮੇਜਰ ਸਿੰਘ, ਸੂਚਨਾ ਅਧਿਕਾਰੀ ਸਨ. ਅੰਮ੍ਰਿਤਪਾਲ ਸਿੰਘ, ਸ. ਰਣਧੀਰ ਸਿੰਘ, ਸ. ਜਤਿੰਦਰ ਸਿੰਘ, ਅਮਰੀਕਾ ਦੇ ਵਫ਼ਦ ਮੈਂਬਰ ਰਾਜਦੂਤ ਸਰਜੀਓ ਗੋਰ ਤੋਂ ਇਲਾਵਾ, ਬ੍ਰਾਇਨਾ ਮਾਸਟ, ਚੇਅਰਮੈਨ ਬ੍ਰਾਇਨ ਮਾਸਟ ਦੀ ਪਤਨੀ, ਗੈਲਾਘਰ, ਜੰਨਾ ਗੈਲਾਘਰ, ਪ੍ਰਤੀਨਿਧੀ ਥਾਨੇਦਾਰ, ਸ਼ਸ਼ੀ ਥਾਨੇਦਾਰ, ਪ੍ਰਤੀਨਿਧੀ ਪੈਟ੍ਰੋਨਿਸ, ਸਟੀਵਨਸ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਜੋਬਨ ਰੰਧਾਵਾ ਦੀ ਅਗਵਾਈ ਹੇਠ ਪਿੰਡ ਕੋਟ ਖਜ਼ਾਨਾ 'ਚ

# ਵਿਕਾਸ ਕਾਰਜਾਂ ਦਾ ਆਗਾਜ਼






**ਫਤਿਹਗੜ੍ਹ ਚੂੜੀਆਂ, 29 ਸਤੰਬਰ (ਆਵਾਜ਼-ਏ-ਕੌਮ ਬਿਊਰੋ)**-ਹਲਕਾ ਫਤਿਹਗੜ੍ਹ ਚੂੜੀਆਂ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਅਤੇ ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਜੋਬਨ ਰੰਧਾਵਾ ਵੱਲੋਂ ਪਿੰਡ ਕੋਟ ਖਜ਼ਾਨਾ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੋਬਨ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਵਚਨਬੱਧ ਹੈ ਅਤੇ ਪੰਜਾਬ ਭਰ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸ ਮੌਕੇ 'ਆਪ' ਦੇ ਯੂਵਾ ਆਗੂ ਵਿਸ਼ਾਲ ਰੰਧਾਵਾ ਨੇ ਕਿਹਾ ਕਿ ਜੋਬਨ ਰੰਧਾਵਾ ਦੀ ਅਗਵਾਈ ਹੇਠ ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਜਨਹਿਤ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਵਿਸ਼ਾਲ ਰੰਧਾਵਾ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਹਲਕੇ ਵਿੱਚ ਵੱਡੀ ਲੀਡ ਨਾਲ ਜਿੱਤ ਦਰਜ ਕਰੇਗੀ ਅਤੇ ਹਲਕਾ ਫਤਿਹਗੜ੍ਹ ਚੂੜੀਆਂ ਦੇ ਅਗਲੇ ਵਿਧਾਇਕ ਜੋਬਨ ਰੰਧਾਵਾ ਹੋਣਗੇ। ਇਸ ਮੌਕੇ ਸਤਿੰਦਰ ਸਿੰਘ, ਸੁਖਪਾਲ ਸਿੰਘ, ਹਰਪ੍ਰੀਤ ਸਿੰਘ ਕੋਕੀ, ਜਤਿੰਦਰ ਸਿੰਘ, ਗੁਰਜੰਟ ਸਿੰਘ ਅਤੇ ਪੰਚ ਬਿਕਰਮਜੀਤ ਸਿੰਘ ਸਮੇਤ ਕਈ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਪੈਸ਼ਲ ਕਾਡਰ ਅਧਿਆਪਕਾਂ ਵੱਲੋਂ ਪੇ-ਸਕੇਲ ਦੀ ਮੰਗ ਨੂੰ ਲਾਗੂ ਕਰਵਾਉਣ ਲਈ

# 2 ਅਕਤੂਬਰ ਨੂੰ ਸਪੈਸ਼ਲ ਕਾਡਰ ਅਧਿਆਪਕਾਂ ਵੱਲੋਂ ਸੰਗਰੂਰ ਵਿਖੇ ਕੀਤੀ ਜਾਵੇਗੀ ਸੂਬਾ ਪੱਧਰੀ ਰੈਲੀ




ਸਰਾਏ ਅਮਾਨਤ ਖਾਂ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)- ਅਧਿਆਪਕ ਫਰੰਟ ਪੰਜਾਬ ਦੇ ਆਗੂ ਵੀਰਪਾਲ ਸਿਧਾਣਾ, ਮਨਪ੍ਰੀਤ ਮੋਗਾ, ਦਵਿੰਦਰ ਸੰਧੂ, ਗੁਰਲਾਲ ਸਿੰਘ, ਅਨੁਭਵ ਗੁਪਤਾ ਵੱਲੋਂ ਸਰਕਾਰ ਤੇ ਦੋਸ਼ ਲਾਉਂਦਿਆਂ ਪ੍ਰੈਸ ਨੋਟ ਰਾਹੀਂ ਦੱਸਿਆ ਗਿਆ ਹੈ ਕਿ ਪਿਛਲੇ ਤਿੰਨ ਸਾਲਾਂ ਤੋਂ ਪੇ-ਸਕੇਲ ਦੀ ਮੰਗ ਨੂੰ ਲੈ ਕੇ ਵਿੱਤ ਮੰਤਰੀ ਪੰਜਾਬ, ਸਿੱਖਿਆ ਮੰਤਰੀ ਪੰਜਾਬ ਅਤੇ ਸਰਕਾਰ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਹੈ ਪਰ ਤਿੰਨ ਸਾਲਾਂ ਬਾਅਦ ਵੀ ਪੇ-ਸਕੇਲ ਤੇ ਸੀ.ਐਸ.ਆਰ ਰੂਲਜ ਲਾਗੂ ਨਹੀਂ ਕੀਤੇ ਗਏ। ਮੁੱਖ ਮੰਤਰੀ ਭਗਵੰਤ ਮਾਨ ਦੀ ਅਤੇ ਸਿੱਖਿਆ ਮੰਤਰੀ ਜੀ, ਮੌਜੂਦਾ ਕੈਬਿਨੇਟ ਮੰਤਰੀ, ਹੋਰ ਵਿਧਾਇਕ ਅਤੇ ਆਪ ਪਾਰਟੀ ਦੇ ਸੁਪਰੀਮੋ ਸ੍ਰੀ ਕੇਜਰੀਵਾਲ ਜੀ ਖੁਦ ਸਾਡੇ ਮੋਹਾਲੀ ਧਰਨੇ ਚ 2022 ਚ ਆਏ ਸਨ ਤੇ ਸਰਕਾਰ ਬਣਦਿਆਂ ਹੀ ਰੈਗੂਲਰ ਕਰਨ ਦਾ ਵਾਅਦਾ ਕੀਤਾ ਸੀ ਪਰ ਅਫਸੋਸ ਉਹ ਵਾਅਦੇ ਹਵਾ ਵਿਚ, ਫਾਈਲਾਂ ਤੇ ਹੋਰਡਿੰਗ ਬੋਰਡਾਂ ਤੱਕ ਹੀ ਸੀਮਿਤ ਰਹਿ ਗਏ ਹਨ। ਆਗੂਆਂ ਨੇ ਦੱਸਿਆ ਕਿ ਸਾਨੂੰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਾਡੇ ਬਹੁਤ ਸਾਰੇ ਇਸ ਦੁਨੀਆ ਨੂੰ ਅਲਵਿਦਾ ਕਹਿ ਚੁੱਕੇ ਨੇ ਜਿੰਨਾ ਨੂੰ ਕੋਈ ਸਹੂਲਤ ਜਾਂ ਉਹਨਾਂ ਦੇ ਪਰਿਵਾਰ ਦੀ ਸਰਕਾਰ ਨੇ ਬਾਂਹ ਨਹੀਂ ਫੜੀ! ਸਾਥੀ ਬਿਨਾਂ ਕਿਸੇ ਸਹੂਲਤ ਤੋਂ ਰਿਟਾਇਰ ਹੋ ਰਹੇ ਹਨ, ਵਿਭਾਗ ਨੂੰ ਲੰਮਾ ਸਮਾਂ ਸੇਵਾਵਾਂ ਦੇਣ ਦੇ ਬਾਵਜੂਦ ਖਾਲੀ ਹੱਥ ਘਰ ਜਾ ਰਹੇ ਹਨ। ਮਹਿੰਗਾਈ ਦੇ ਇਸ ਦੌਰ ਵਿੱਚ ਘਰਾਂ ਦੇ ਗੁਜਾਰੇ ਕਰਨੇ ਔਖੇ ਹੋ ਰਹੇ ਹਨ। ਕਿਸੇ ਵੀ ਤਰਾਂ ਦੀ ਮੈਡੀਕਲ ਸਹੂਲਤ ਨਹੀਂ ਦਿੱਤੀ ਗਈ ਕਈ ਸਾਥੀ ਭਿਆਨਕ ਬਿਮਾਰੀਆਂ ਨਾਲ ਪੀੜਤ ਹਨ ਤੇ ਕਈ ਸਾਥੀਆਂ ਦੇ ਪਰਿਵਾਰ ਵੱਖ ਵੱਖ ਬਿਮਾਰੀਆਂ ਨਾਲ ਆਪਣੇ ਜੀਵਨ ਦਾ ਸੰਘਰਸ਼ ਲੜ ਰਹੇ ਹਨ। ਪੰਜਾਬ ਸਰਕਾਰ ਵੱਲੋਂ ਸਾਨੂੰ ਮੁਲਾਜ਼ਮ ਨਾ ਸਮਝਦੇ ਹੋਏ ਰੈਗੂਲਰ ਮੁਲਾਜ਼ਮਾਂ ਵਾਲੀ ਕਤਾਰ ਵਿਚ ਖੜ੍ਹਾ ਤਾਂ ਕਰ ਦਿੱਤਾ ਹੈ। ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਟੱਸ ਤੋਂ ਮੱਸ ਨਹੀਂ ਹੋ ਰਹੀ ਜਿਸ ਕਰਕੇ 2 ਅਕਤੂਬਰ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ ਅਤੇ ਪੰਜਾਬ ਦੇ ਕਾਡਰ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਮੁੱਖ ਮੰਤਰੀ ਨਿਵਾਸ ਸਥਾਨ ਸੰਗਰੂਰ ਵਿਖੇ ਘਿਰਾਓ ਕੀਤਾ ਜਾਵੇਗਾ। ਜੇਕਰ ਪੰਜਾਬ ਸਰਕਾਰ ਸਾਡੀਆਂ ਮੰਗਾਂ ਜਲਦੀ ਹੱਲ ਨਾ ਕੀਤੀਆਂ ਤਾਂ ਗੁਪਤ ਐਕਸ਼ਨ ਕੀਤਾ ਜਾਵੇਗਾ। ਜੇਕਰ ਪੰਜਾਬ ਸਰਕਾਰ ਸਾਨੂੰ ਪੇ-ਸਕੇਲ ਅਤੇ ਸੀ ਐਸ ਆਰ ਲਾਗੂ ਕਰਨ ਵਿਚ ਦੇਰੀ ਕਰਦੀ ਹੈ ਜਾਂ ਆਨਕਾਨੀ ਕਰਦੀ ਹੈ ਤਾਂ ਸੰਘਰਸ਼ ਨੂੰ ਹੋਰ ਤੇਜ ਕਰਦੇ ਕੀਤਾ ਜਾਵੇਗਾ! ਮੁੱਖਮੰਤਰੀ ਪੰਜਾਬ ਜੀ ਨੂੰ ਸੋਸ਼ਲ ਮੀਡੀਆ ਰਾਹੀ ਅਤੇ ਪ੍ਰਸ਼ਾਸਨ ਨੂੰ ਵੀ ਉਹਨਾਂ ਨਾਲ ਮੀਟਿੰਗ ਕਰਵਾਉਣ ਲਈ ਕਿਹਾ ਜਾਂਦਾ ਹੈ ਪਰ ਪ੍ਰਸ਼ਾਸਨ ਨਾਲ ਤਾਲਮੇਲ ਕਰਨ ਦੇ ਬਾਵਜੂਦ ਵੀ ਮੁੱਖਮੰਤਰੀ ਪੰਜਾਬ ਜੀ ਨਾਲ ਮੀਟਿੰਗ ਨਹੀਂ ਦਿੱਤੀ ਜਾਂਦੀ! ਇਸ ਸਮੇ ਗੁਰਚਰਨ ਸਿੰਘ ਜਸਪਾਲ ਸਿੰਘ ਸਤਿੰਦਰ ਸਿੰਘ ਜੋਧਬੀਰ ਸਿੰਘ ਸਵਿੰਦਰਪਾਲ ਸਿੰਘ ਪਵਨਦੀਪ ਸਿੰਘ ਵਿਸ਼ਾਲ ਸ਼ਰਮਾ ਹਰਭਾਲ ਸਿੰਘ ਕੁਲਦੀਪ ਸਿੰਘ ਰਮਨ ਮਲਹੋਤਰਾ ਗੁਰਦੇਵ ਸਿੰਘ ਬਲਦੇਵ ਸਿੰਘ ਆਦਿ ਹਾਜ਼ਰ ਸਨ।

ਕਿਸੇ ਵੀ ਤਰਾਂ ਦੀ ਮੈਡੀਕਲ ਸਹੂਲਤ ਨਹੀਂ ਦਿੱਤੀ ਗਈ ਕਈ ਸਾਥੀ ਭਿਆਨਕ ਬਿਮਾਰੀਆਂ ਨਾਲ ਪੀੜਤ ਹਨ ਤੇ ਕਈ ਸਾਥੀਆਂ ਦੇ ਪਰਿਵਾਰ ਵੱਖ ਵੱਖ ਬਿਮਾਰੀਆਂ ਨਾਲ ਆਪਣੇ ਜੀਵਨ ਦਾ ਸੰਘਰਸ਼ ਲੜ ਰਹੇ ਹਨ। ਪੰਜਾਬ ਸਰਕਾਰ ਵੱਲੋਂ ਸਾਨੂੰ ਮੁਲਾਜ਼ਮ ਨਾ ਸਮਝਦੇ ਹੋਏ ਰੈਗੂਲਰ ਮੁਲਾਜ਼ਮਾਂ ਵਾਲੀ ਕਤਾਰ ਵਿਚ ਖੜ੍ਹਾ ਤਾਂ ਕਰ ਦਿੱਤਾ ਹੈ। ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਟੱਸ ਤੋਂ ਮੱਸ ਨਹੀਂ ਹੋ ਰਹੀ ਜਿਸ ਕਰਕੇ 2 ਅਕਤੂਬਰ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ ਅਤੇ ਪੰਜਾਬ ਦੇ ਕਾਡਰ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਮੁੱਖ ਮੰਤਰੀ ਨਿਵਾਸ ਸਥਾਨ ਸੰਗਰੂਰ ਵਿਖੇ ਘਿਰਾਓ ਕੀਤਾ ਜਾਵੇਗਾ। ਜੇਕਰ ਪੰਜਾਬ ਸਰਕਾਰ ਸਾਡੀਆਂ ਮੰਗਾਂ ਜਲਦੀ ਹੱਲ ਨਾ ਕੀਤੀਆਂ ਤਾਂ ਗੁਪਤ ਐਕਸ਼ਨ ਕੀਤਾ ਜਾਵੇਗਾ। ਜੇਕਰ ਪੰਜਾਬ ਸਰਕਾਰ ਸਾਨੂੰ ਪੇ-ਸਕੇਲ ਅਤੇ ਸੀ ਐਸ ਆਰ ਲਾਗੂ ਕਰਨ ਵਿਚ ਦੇਰੀ ਕਰਦੀ ਹੈ ਜਾਂ ਆਨਕਾਨੀ ਕਰਦੀ ਹੈ ਤਾਂ ਸੰਘਰਸ਼ ਨੂੰ ਹੋਰ ਤੇਜ ਕਰਦੇ ਕੀਤਾ ਜਾਵੇਗਾ! ਮੁੱਖਮੰਤਰੀ ਪੰਜਾਬ ਜੀ ਨੂੰ ਸੋਸ਼ਲ ਮੀਡੀਆ ਰਾਹੀ ਅਤੇ ਪ੍ਰਸ਼ਾਸਨ ਨੂੰ ਵੀ ਉਹਨਾਂ ਨਾਲ ਮੀਟਿੰਗ ਕਰਵਾਉਣ ਲਈ ਕਿਹਾ ਜਾਂਦਾ ਹੈ ਪਰ ਪ੍ਰਸ਼ਾਸਨ ਨਾਲ ਤਾਲਮੇਲ ਕਰਨ ਦੇ ਬਾਵਜੂਦ ਵੀ ਮੁੱਖਮੰਤਰੀ ਪੰਜਾਬ ਜੀ ਨਾਲ ਮੀਟਿੰਗ ਨਹੀਂ ਦਿੱਤੀ ਜਾਂਦੀ! ਇਸ ਸਮੇ ਗੁਰਚਰਨ ਸਿੰਘ ਜਸਪਾਲ ਸਿੰਘ ਸਤਿੰਦਰ ਸਿੰਘ ਜੋਧਬੀਰ ਸਿੰਘ ਸਵਿੰਦਰਪਾਲ ਸਿੰਘ ਪਵਨਦੀਪ ਸਿੰਘ ਵਿਸ਼ਾਲ ਸ਼ਰਮਾ ਹਰਭਾਲ ਸਿੰਘ ਕੁਲਦੀਪ ਸਿੰਘ ਰਮਨ ਮਲਹੋਤਰਾ ਗੁਰਦੇਵ ਸਿੰਘ ਬਲਦੇਵ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਜਾਬ ਮਹਿਲਾ ਕਮਿਸ਼ਨ ਨੇ ਚਿਤਕਾਰਾ ਅਤੇ LPU ਵਿਵਾਦ 'ਤੇ ਲਿਆ ਸੂ-ਮੋਟੋ, DC ਤੇ SSP ਤੋਂ ਜਾਂਚ ਰਿਪੋਰਟ ਤਲਬ



**ਚੰਡੀਗੜ੍ਹ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਵਾਦ 'ਚ ਹੁਣ ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਵੀ ਐਂਟਰੀ ਕਰ ਦਿੱਤੀ ਹੈ। ਯੂਨੀਵਰਸਿਟੀ ਦੇ ਹੋਸਟਲ ਵਿੱਚ ਇੱਕ ਵਿਦਿਆਰਥਣ ਨਾਲ ਕਥਿਤ ਜਬਰ-ਜਨਾਹ ਦੇ ਦਾਅਵਿਆਂ ਅਤੇ ਇੰਟਰਨੈਟ 'ਤੇ ਵੀਡੀਓਜ਼ ਦੇ ਪ੍ਰਸਾਰਣ ਦੇ ਮੱਦੇਨਜ਼ਰ ਮਹਿਲਾ ਕਮਿਸ਼ਨ ਨੇ ਸਖ਼ਤ ਰੁਖ਼ ਅਪਣਾਇਆ ਹੈ। ਕਮਿਸ਼ਨ ਨੇ ਕੈਂਪਸ ਦੇ ਅੰਦਰ ਵਿਦਿਆਰਥਣਾਂ ਲਈ ਸੁਰੱਖਿਆ ਪ੍ਰਬੰਧਾਂ ਬਾਰੇ ਪੁਲਿਸ ਪ੍ਰਸ਼ਾਸਨ ਤੋਂ ਵਿਸਤ੍ਰਿਤ ਜਵਾਬ ਮੰਗਿਆ ਹੈ। ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਪੰਜਾਬ ਮਹਿਲਾ ਕਮਿਸ਼ਨ ਨੇ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਤੇ ਸੀਨੀਅਰ ਪੁਲਿਸ ਕਪਤਾਨ ਤੋਂ ਐਫਆਈਆਰ ਦੀ ਕਾਪੀ, ਵਿਸ਼ੇਸ਼ ਜਾਂਚ ਟੀਮ ਬਾਰੇ ਵੇਰਵੇ ਅਤੇ ਹੁਣ ਤੱਕ ਦੀ ਜਾਂਚ ਰਿਪੋਰਟ ਤਲਬ ਕੀਤੀ ਹੈ। ਮਹਿਲਾ ਕਮਿਸ਼ਨ ਨੇ ਹੁਣ ਤੱਕ ਕੀਤੀ ਗਈ ਪੁਲਿਸ ਕਾਰਵਾਈ ਦੀ ਰਿਪੋਰਟ ਅਤੇ ਪੂਰੀ ਘਟਨਾ ਦੀ ਜਾਂਚ ਰਿਪੋਰਟ ਪੇਸ਼ ਕਰਨ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਹਨ। ਜ਼ਿਕਰਯੋਗ ਹੈ ਕਿ ਐਤਵਾਰ ਰਾਤ ਨੂੰ ਕੈਂਪਸ ਵਿੱਚ ਪੱਥਰਬਾਜ਼ੀ ਅਤੇ ਅੱਗਜ਼ਨੀ ਦੀਆਂ ਹਿੰਸਕ ਘਟਨਾਵਾਂ ਤੋਂ ਬਾਅਦ, ਸੀਨੀਅਰ ਪੁਲਿਸ ਅਧਿਕਾਰੀਆਂ ਨੇ ਭਾਰੀ ਪੁਲਿਸ ਫੋਰਸ ਨਾਲ ਕੈਂਪਸ ਦਾ ਦੌਰਾ ਕੀਤਾ। ਸੀਨੀਅਰ ਪੁਲਿਸ ਅਧਿਕਾਰੀਆਂ ਨੇ ਹੋਸਟਲਾਂ ਦਾ ਦੌਰਾ ਕਰਕੇ ਸੁਰੱਖਿਆ ਪ੍ਰਬੰਧਾਂ ਦਾ ਨਿੱਜੀ ਤੌਰ 'ਤੇ ਜਾਇਜ਼ਾ ਲਿਆ ਅਤੇ ਉੱਥੇ ਰਹਿਣ ਵਾਲੀਆਂ ਵਿਦਿਆਰਥਣਾਂ ਨਾਲ ਗੱਲ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਪੁਲਿਸ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਕੁਝ ਸਮਾਜ ਵਿਰੋਧੀ ਅਨਸਰ ਇੰਟਰਨੈੱਟ 'ਤੇ ਜਾਅਲੀ ਅਤੇ ਮਨਘੜਤ ਵੀਡੀਓ ਪ੍ਰਸਾਰਿਤ ਕਰਕੇ ਭੰਬਲਭੂਸਾ ਅਤੇ ਡਰ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਅਜਿਹੇ ਗੁੰਮਰਾਹਕੁੰਨ ਵੀਡੀਓ ਫੈਲਾਉਣ ਵਾਲਿਆਂ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਇਸ ਦੇ ਨਾਲ ਹੀ ਮਹਿਲਾ ਕਮਿਸ਼ਨ ਵੱਲੋਂ ਚਿਤਕਾਰਾ ਯੂਨੀਵਰਸਿਟੀ ਦੇ ਸਬੰਧ ਵਿੱਚ ਵੀ ਸੂ-ਮੋਟੋ ਨੋਟਿਸ ਲਿਆ ਗਿਆ ਹੈ। ਮਹਿਲਾ ਕਮਿਸ਼ਨ ਨੇ ਇਸ ਮਾਮਲੇ ਵਿੱਚ ਵਿਦਿਆਰਥਣਾਂ ਦੀ ਸੁਰੱਖਿਆ, ਕਥਿਤ ਤੌਰ 'ਤੇ ਵਿਦਿਆਰਥਣਾਂ ਦੇ ਲਾਪਤਾ ਹੋਣ ਨਾਲ ਸਬੰਧਤ ਸ਼ਿਕਾਇਤਾਂ ਅਤੇ ਸੋਸ਼ਲ ਮੀਡੀਆ 'ਤੇ ਵਾਇਰਲ ਖ਼ਬਰਾਂ ਦੀ ਸੱਚਾਈ ਨੂੰ ਲੈ ਕੇ ਪੁਲਿਸ ਤੋਂ ਵਿਸਥਾਰਤ ਜਾਣਕਾਰੀ ਮੰਗੀ ਹੈ। ਕਮਿਸ਼ਨ ਨੇ ਅਧਿਕਾਰੀਆਂ ਤੋਂ ਮੁੱਖ ਤੌਰ 'ਤੇ ਚਾਰ ਨੁਕਤਿਆਂ 'ਤੇ ਰਿਪੋਰਟ ਮੰਗੀ ਹੈ। ਜਿਨਾ ਵਿਚ ਯੂਨੀਵਰਸਿਟੀ ਕੈਂਪਸ ਜਾਂ ਹੋਸਟਲ ਵਿੱਚ ਕਿਸੇ ਵਿਦਿਆਰਥਣ ਦੇ ਲਾਪਤਾ ਹੋਣ ਜਾਂ ਕਿਸੇ ਅਣਸੁਖਾਵੀਂ ਘਟਨਾ ਨੂੰ ਲੈ ਕੇ ਪੁਲਿਸ ਕੋਲ ਕੋਈ ਸ਼ਿਕਾਇਤ ਦਰਜ ਹੋਈ ਹੈ ਜਾਂ ਨਹੀਂ, ਅਤੇ ਉਸ 'ਤੇ ਕੀ ਕਾਰਵਾਈ ਕੀਤੀ ਗਈ। ਵਿਦਿਆਰਥੀਆਂ ਦੇ ਰੋਸ ਪ੍ਰਦਰਸ਼ਨ ਨੂੰ ਲੈ ਕੇ ਯੂਨੀਵਰਸਿਟੀ ਪ੍ਰਬੰਧਕਾਂ ਵੱਲੋਂ ਕੀਤੇ ਗਏ ਯਤਨਾਂ ਦੀ ਜਾਣਕਾਰੀ। ਮੀਡੀਆ ਅਤੇ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਖ਼ਬਰਾਂ/ਅਫ਼ਵਾਹਾਂ ਦੀ ਸੱਚਾਈ ਦੀ ਜਾਂਚ ਸਬੰਧੀ ਪੁਲਿਸ ਕਾਰਵਾਈ ਅਤੇ ਤੱਥ-ਆਧਾਰਿਤ ਰਿਪੋਰਟ। ਵਿਦਿਆਰਥਣਾਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਭਵਿੱਖ ਵਿੱਚ ਅਜਿਹੀ ਸਥਿਤੀ ਰੋਕਣ ਲਈ ਯੂਨੀਵਰਸਿਟੀ ਵੱਲੋਂ ਚੁੱਕੇ ਗਏ ਕਦਮਾਂ ਦੀ ਜਾਣਕਾਰੀ। ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਸਬੰਧਤ ਅਧਿਕਾਰੀਆਂ ਨੂੰ ਪਰਸੋਂ 30 ਸਤੰਬਰ ਤੱਕ ਰਿਪੋਰਟ ਕਮਿਸ਼ਨ ਅੱਗੇ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ।

# ਸਿਵਲ ਸਰਜਨ ਦਫ਼ਤਰਾਂ ਦੇ ਬਾਹਰ ਜ਼ਿਲ੍ਹਾ ਪੱਧਰੀ ਧਰਨਾ ਦੇ ਕੇ ਕੀਤਾ ਗਿਆ ਰੋਸ਼ ਜ਼ਾਹਿਰ



ਤਰਨ ਤਾਰਨ, ਚੋਹਲਾ ਸਾਹਿਬ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)- ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦੇ ਹੱਲ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਯੂਨੀਅਨ ਦੇ ਪ੍ਰਧਾਨ ਮਨਦੀਪ ਸਿੰਘ ਚੌਹਾਨ ਨੇ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਉਹਨਾਂ ਦੱਸਿਆ ਕਿ ਯੂਨੀਅਨ ਵੱਲੋਂ ਜਾਰੀ ਕੀਤੇ ਗਏ ਸੰਘਰਸ਼ ਪ੍ਰੋਗਰਾਮ ਤਹਿਤ ਅੱਜ ਜ਼ਿਲ੍ਹਾ ਤਰਨ ਤਾਰਨ ਵਿੱਚ ਸਿਵਲ ਸਰਜਨ ਦਫ਼ਤਰ ਦੇ ਬਾਹਰ ਜ਼ਿਲ੍ਹਾ ਪੱਧਰੀ ਧਰਨਾ ਦਿੱਤਾ ਗਿਆ ਜਿਸ ਵਿੱਚ ਸਰਕਾਰ ਅਤੇ ਵਿਭਾਗ ਖਿਲਾਫ਼ ਜਮ ਕੇ ਨਾਅਰੇਬਾਜ਼ੀ ਕੀਤੀ ਗਈ; ਇਸ ਮੌਕੇ ਸਿਵਲ ਸਰਜਨ ਰਾਹੀਂ ਸਿਹਤ ਵਿਭਾਗ ਅਤੇ ਸਰਕਾਰ ਨੂੰ ਐਨ.ਐਚ.ਐਮ. ਮੁਲਾਜ਼ਮਾਂ ਦੀਆਂ ਲੰਬਿਤ ਮੰਗਾਂ ਸਬੰਧੀ ਜਾਣੂ ਕਰਵਾਉਂਦੇ ਹੋਏ ਮੰਗ ਪੱਤਰ ਵੀ ਸੌਂਪਿਆ ਗਿਆ। ਯੂਨੀਅਨ ਆਗੂ ਜੈਸਮੀਨ ਕੌਰ ਵੱਲੋਂ ਦੱਸਿਆ ਗਿਆ ਕਿ ਸਰਕਾਰ ਅੱਗੇ ਮੁੱਖ ਤੌਰ 'ਤੇ ਐਨ.ਐਚ.ਐਮ. ਮੁਲਾਜ਼ਮਾਂ ਦੀਆਂ ਸਾਲਾਂ ਤੋਂ ਲਟਕਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਵਿਭਾਗੀ ਕਮੇਟੀ ਰਾਹੀਂ ਹੱਲ ਕਰਨ, ਪਿਛਲੀ ਮੀਟਿੰਗ ਵਿੱਚ ਕੀਤੇ ਗਏ ਫੈਸਲਿਆਂ ਨੂੰ ਲਾਗੂ ਕਰਨ ਅਤੇ ਮੰਗਾਂ ਦੇ ਸਥਾਈ ਹੱਲ ਲਈ ਵਿਸ਼ੇਸ਼ ਕਮੇਟੀ ਦੀ ਮੀਟਿੰਗ ਬੁਲਾ ਕੇ ਐਨ.ਐਚ.ਐਮ ਮੁਲਾਜਮਾਂ ਤੇ 'ਬਰਾਬਰ ਕੰਮ ਬਰਾਬਰ ਤਨਖਾਹ' ਦੇ ਸਿਧਾਂਤ ਨੂੰ ਲਾਗੂ ਕਰਨ, ਤਨਖਾਹਾਂ ਵਿੱਚ ਸਨਮਾਨਜਨਕ ਵਾਧਾ ਕਰਨ ਅਤੇ ਲੰਬੇ ਸਮੇ ਤੋਂ ਵੱਖ-ਵੱਖ ਕੈਡਰਾਂ ਨਾਲ ਸਬੰਧਤ ਲੰਬਿਤ ਮਸਲਿਆਂ ਅਤੇ ਸਰਕਾਰ ਤੇ ਸਿਹਤ ਵਿਭਾਗ ਕੋਲ ਪਹਿਲਾਂ ਤੋਂ ਚੱਲ ਰਹੀਆਂ ਫਾਈਲਾਂ ਦਾ ਵੀ ਜਲਦ ਨਿਪਟਾਰਾ ਕਰਨ ਦੀ ਮੰਗ ਕੀਤੀ ਹੈ, ਤਾਂ ਜੋ ਮੁਲਾਜ਼ਮਾਂ ਨੂੰ ਆਪਣੇ ਹੱਕਾਂ ਲਈ ਵਾਰ-ਵਾਰ ਸੰਘਰਸ਼ ਨਾ ਕਰਨਾ ਪਵੇ। ਯੂਨੀਅਨ ਆਗੂ ਤਰਸੇਮ ਸਿੰਘ ਕੈਰੋਂ ਨੇ ਕਿਹਾ ਕਿ ਐਨ.ਐਚ.ਐਮ. ਮੁਲਾਜ਼ਮ ਸੂਬੇ ਦੀ ਸਿਹਤ ਪ੍ਰਣਾਲੀ ਵਿੱਚ ਲੰਬੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਲਈ ਉਨਹਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਲਟਕਾਉਣ ਦੀ ਬਜਾਏ ਸਰਕਾਰ ਵੱਲੋਂ ਗੰਭੀਰਤਾ ਨਾਲ ਵਿਚਾਰ ਕਰਕੇ ਗੱਲਬਾਤ ਰਾਹੀਂ ਠੋਸ ਅਤੇ ਸਥਾਈ ਹੱਲ ਕੀਤਾ ਜਾਣਾ ਚਾਹੀਦਾ ਹੈ। ਯੂਨੀਅਨ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਜੇਕਰ ਸਰਕਾਰ ਵੱਲੋਂ ਮੰਗਾਂ ਦੇ ਹੱਲ ਲਈ ਠੋਸ ਕਾਰਵਾਈ ਨਾ ਕੀਤੀ ਗਈ ਤਾਂ 9 ਅਕਤੂਬਰ ਦੀ ਮਹਾ ਰੈਲੀ ਉਪਰੰਤ ਸੰਘਰਸ਼ ਨੂੰ ਹੋਰ ਤਿੱਖਾ, ਤੇਜ਼ ਅਤੇ ਵਿਸ਼ਾਲ ਕੀਤਾ ਜਾਵੇਗਾ; ਇਸ ਸਮੇਂ ਅਮਰਜੀਤ ਕੌਰ, ਸੰਦੀਪ ਸਿੰਘ, ਡਾ ਕੇ.ਪੀ. , ਡਾ ਦਿਲਬਾਗ ਸਿੰਘ, ਰਮਨਦੀਪ ਕੌਰ ਸੀ.ਐਚ.ਓ. ਕੈਰੋਂ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐਚ.ਓ ਖੇਮਕਰਨ, ਵਿਸ਼ਾਲ ਕੁਮਾਰ, ਕੁਲਵੰਤ ਕੌਰ, ਨਵਜੋਤ ਕੌਰ ਸਰਹਾਲੀ, ਰਵਿੰਦਰ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐਚ.ਓ ਝਬਾਲ, ਮਨਜਿੰਦਰ ਸਿੰਘ, ਡਾ ਪਰੋਮੀ, ਪ੍ਰਭਜੀਤ ਕੌਰ ਸੁਰਸਿੰਘ, ਡਾ ਰਵਿੰਦਰ ਕੌਰ, ਯੋਗੇਸ਼ ਗਿੱਲ, ਡਾ ਸ਼ਰਨ ਕਸੇਲ, ਡਾ ਚੰਦਨ ਸ਼ਰਮਾ ਘਰਿਆਲਾ, ਹਰਜਿੰਦਰ ਸਿੰਘ, ਸੁਖਪਾਲ ਕੌਰ ਮੀਆਂਵਿੰਡ, ਡਾ ਗੁਰਸ਼ਰਨ ਸਿੰਘ, ਤਰੁਣ, ਰਜਨੀ ਸ਼ਰਮਾ, ਸੰਦੀਪ ਸਿੰਘ ਸੀ.ਓ., ਕੰਵਲਜੀਤ ਕੌਰ ਡੀ.ਐਸ.ਏ., ਸਿਮਰਜੀਤ ਸਿੰਘ, ਆਰੂਸ਼ ਭੱਲਾ, ਕੋਮਲਜੀਤ ਕੌਰ, ਸੁਮਨ ਸਿੱਧੂ, ਪ੍ਰਗਟ ਸਿੰਘ, ਕਮਲਜੀਤ ਕੌਰ, ਮਨਿੰਦਰ ਕੌਰ ਆਦਿ ਐਨ.ਐਚ.ਐਮ ਕਰਮਚਾਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰੀਗੇਬਾਲਿਨ ਤੇ ਗੈਬਾਪੈਂਟਿਨ ਕੈਪਸੂਲ ਅਤੇ ਐਨਾਫੋਰਟਨ ਇੰਜੈਕਸ਼ਨ ਬਿਨਾਂ ਬਿੱਲ ਤੇ ਰਿਕਾਰਡ ਦੇ ਖ਼ਰੀਦਣ/ਵੇਚਣ 'ਤੇ ਪਾਬੰਦੀ

## ਬਿਨਾਂ ਲਾਇਸੈਂਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ 'ਤੇ ਵੀ ਰੋਕ

ਜਲੰਧਰ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)-ਪੁਲਿਸ ਕਮਿਸ਼ਨਰ ਜਲੰਧਰ ਸਤਿੰਦਰ ਸਿੰਘ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਆਉਂਦੇ ਇਲਾਕੇ ਵਿੱਚ ਪ੍ਰੀਗੇਬਾਲਿਨ ਕੈਪਸੂਲ, ਗੈਬਾਪੈਂਟਿਨ ਕੈਪਸੂਲ ਅਤੇ ਐਨਾਫੋਰਟਨ ਇੰਜੈਕਸ਼ਨ ਬਿਨਾਂ ਲਾਇਸੈਂਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ, ਬਿਨਾਂ ਬਿੱਲ ਅਤੇ ਰਿਕਾਰਡ ਦੇ ਖ਼ਰੀਦਣ/ਵੇਚਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ 25.11.2026 ਤੱਕ ਲਾਗੂ ਰਹੇਗਾ।

### ਕਿਸਾਨ ਭਵਨ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਵਲੋਂ

# ਨਸ਼ਿਆਂ ਅਤੇ ਪੰਜਾਬ ਵਿੱਚ ਪੁਲਿਸ ਜਬਰ ਵਿਰੁੱਧ ਕਨਵੈਂਸ਼ਨ





**ਚੰਡੀਗੜ੍ਹ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਭਵਨ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਵਲੋ ਨਸ਼ਿਆਂ ਅਤੇ ਪੰਜਾਬ ਵਿੱਚ ਪੁਲਿਸ ਜਬਰ ਵਿਰੁੱਧ ਕਨਵੈਂਸ਼ਨ ਕੀਤੀ ਗਈ ਕਨਵੈਂਸ਼ਨ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਅਗਵਾਈ ਹੇਠ ਹੋਈ ਕਿਸਾਨ ਜਥੇਬੰਦੀਆਂ ਪੰਥਕ ਧਾਰਮਿਕ ਜਥੇਬੰਦੀਆਂ ਸਮਾਜਿਕ ਜਥੇਬੰਦੀਆਂ ਅਤੇ ਮੁਲਾਜ਼ਮ ਜਥੇਬੰਦੀਆਂ ਸ਼ਾਮਿਲ ਸਨ ਇਸ ਮੌਕੇ ਯੂਨਾਈਟਿਡ ਅਕਾਲੀ ਦਲ ਦੇ ਪ੍ਰਧਾਨ ਭਾਈ ਗੁਰਦੀਪ ਸਿੰਘ ਜੀ ਬਠਿੰਡਾ ਨੇ ਬੋਲਦਿਆ ਕਿਹਾ ਕਿ ਪੰਥ ਅਤੇ ਪੰਜਾਬ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪ੍ਰਧਾਨ ਮੰਤਰੀ ਮੋਦੀ ਤੋਂ ਇਨਸਾਫ ਦੀ ਉਮੀਦ ਨਹੀਂ ਕਰਨੀ ਚਾਹੀਦੀ ਉਹਨਾਂ ਕਿਹਾ ਕਿ ਇਸ ਲਈ ਸੁਹਿਰਦ ਪੰਜਾਬੀਆਂ ਦਾ ਏਕਤਾ ਤੇ ਸੰਘਰਸ਼ ਹੀ ਇੱਕੋ ਰਸਤਾ ਹੈ, ਉਹਨਾਂ ਕੌਮੀ ਇਨਸਾਫ ਮੋਰਚੇ ਵੱਲੋਂ ਦੋ ਅਤੇ ਤਿੰਨ ਅਕਤੂਬਰ ਨੂੰ ਫਤਿਹਗੜ੍ਹ ਸਾਹਿਬ ਤੋਂ ਤਲਵੰਡੀ ਸਾਬੋ ਤੱਕ ਕੀਤੇ ਜਾ ਰਹੇ ਬੰਦੀ ਸਿੰਘ ਰਿਹਾਈ ਮਾਰਚ ਵਿੱਚ ਸ਼ਾਮਿਲ ਹੋਣ ਲਈ ਸਮੂਹ ਜਥੇਬੰਦੀਆਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਸਮੂਹ ਜਥੇਬੰਦੀਆਂ ਦੇ ਆਗੂ ਸਾਹਿਬਾਨ ਵੱਲੋਂ ਸਹਿਮਤੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਬੰਦੀ ਸਿੰਘਾਂ ਦੀ ਰਿਹਾਈ ਲਈ ਸਾਰਿਆਂ ਨੂੰ ਇਕੱਠੇ ਹੋ ਕੇ ਲੜਨਾ ਚਾਹੀਦਾ ਹੈ



ਜਾਰੀ ਕਰਤਾ - ਭਾਈ ਅਮਨਦੀਪ ਸਿੰਘ ਖਾਲਸਾ

### ਲੋੜਵੰਦ ਪ੍ਰੀਵਾਰਾਂ ਨੂੰ ਚੇਅਰਮੈਨ ਅਮਰੀਕ ਸਿੰਘ ਸੋਡੀ ਵੱਲੋਂ

# ਪੰਚਾਇਤ ਦੀ ਮੌਜੂਦਗੀ ਵਿੱਚ ਪਿੰਡ ਗੁੰਨੋਵਾਲ ਵਿੱਚ ਵੰਡੀਆਂ ਰਾਸ਼ਨ ਕਿੱਟਾਂ



**ਪੰਜਾਬ ਸਰਕਾਰ ਵੱਲੋਂ ਲੋੜਵੰਦ ਪ੍ਰੀਵਾਰਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਭਲਾਈ ਸਕੀਮਾਂ ਰਾਹੀਂ ਸਹਾਇਤਾ ਪਹੁੰਚਾਈ ਜਾ ਰਹੀ ਚੇਅਰਮੈਨ ਅਮਰੀਕ ਸਿੰਘ ਸੋਢੀ**

ਜੰਡਿਆਲਾ ਗੁਰੂ 28 ਸਤੰਬਰ ( ਕੁਲਵੰਤ ਸਿੰਘ ਵਿਰਦੀ ) — ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੀ ਸਹਾਇਤਾ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਗੁੰਨੋਵਾਲ ਵਿਖੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਚੇਅਰਮੈਨ ਅਮਰੀਕ ਸਿੰਘ ਸੋਡੀ ਵਿਸ਼ੇਸ਼ ਤੌਰ 'ਤੇ ਪਿੰਡ ਗੁੰਨੋਵਾਲ ਪਹੁੰਚੇ ਅਤੇ ਸਮੂਹ ਗ੍ਰਾਮ ਪੰਚਾਇਤ ਦੀ ਮੌਜੂਦਗੀ ਵਿੱਚ ਗਰੀਬ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਤਕਸੀਮ ਕੀਤੀਆਂ।ਇਸ ਮੌਕੇ ਚੇਅਰਮੈਨ ਅਮਰੀਕ ਸਿੰਘ ਸੋਡੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮਾਜ ਦੇ ਗਰੀਬ ਅਤੇ ਲੋੜਵੰਦ ਵਰਗਾਂ ਦੀ ਭਲਾਈ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹੈ ਕਿ ਕੋਈ ਵੀ ਲੋੜਵੰਦ ਪਰਿਵਾਰ ਬੁਨਿਆਦੀ ਜ਼ਰੂਰਤਾਂ ਤੋਂ ਵਾਂਝਾ ਨਾ ਰਹੇ। ਸਰਕਾਰ ਵੱਲੋਂ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਭਲਾਈ ਸਕੀਮਾਂ ਰਾਹੀਂ ਸਹਾਇਤਾ ਪਹੁੰਚਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਰਾਸ਼ਨ ਕਿੱਟਾਂ ਦੀ ਵੰਡ ਨਾਲ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਰਾਹਤ ਮਿਲੇਗੀ।ਉਨ੍ਹਾਂ ਇਸ ਤਰ੍ਹਾਂ ਦੇ ਲੋਕ ਭਲਾਈ ਕਾਰਜਾਂ ਨੂੰ ਅੱਗੇ ਵੀ ਜਾਰੀ ਰੱਖਣ ਦੀ ਗੱਲ ਕਹੀ।ਇਸ ਮੌਕੇ ਆਪ ਵਰਕਰ ਹਰਪ੍ਰੀਤ ਸਿੰਘ, ਹਰਦਿਆਲ ਸਿੰਘ, ਗੁਰਦੇਵ ਸਿੰਘ (ਪੰਚਾਇਤ ਮੈਂਬਰ), ਵੱਸਣ ਸਿੰਘ (ਸਾਬਕਾ ਪੰਚਾਇਤ ਮੈਂਬਰ), ਜਤਿੰਦਰ ਸਿੰਘ ,ਬਲਵੰਤ ਸਿੰਘ, ਅਤੇ ਸਮੂਹ ਗ੍ਰਾਮ ਪੰਚਾਇਤ ਸਮੇਤ ਪਿੰਡ ਦੇ ਹੋਰ ਮੋਹਤਬਰ ਵਿਅਕਤੀ ਹਾਜ਼ਰ ਸਨ। ਇਸ ਦੌਰਾਨ ਲਾਭਪਾਤਰੀ ਪਰਿਵਾਰਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਲਈ ਧੰਨਵਾਦ ਪ੍ਰਗਟ ਕੀਤਾ।

## ਇੱਕ ਨਜ਼ਰ ...



# ਸ਼ਹੀਦ ਭਗਤ ਸਿੰਘ ਪੌਲੀਟੈਕਨਿਕ ਕਾਲਜ ਪੱਟੀ ਵਿਖੇ ਸ਼ਿਰਡੀ ਸਾਈਂ ਬਾਬਾ ਅਤੇ ਸ਼ਹੀਦ ਭਗਤ ਸਿੰਘ ਦੀਆਂ ਜਨਮ ਵਰ੍ਹੇਗੰਢਾਂ ਮਨਾਈਆਂ

ਪੱਟੀ 28, ਸਤੰਬਰ (ਆਵਾਜ਼ਿ ਕੌਮ ਬਿਊਰੋ)-ਸ਼ਹੀਦ ਭਗਤ ਸਿੰਘ ਪੌਲੀਟੈਕਨਿਕ ਕਾਲਜ ਪੱਟੀ ਵਿਖੇ ਸ਼ਿਰਡੀ ਸਾਈਂ ਬਾਬਾ ਜੀ ਅਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੀਆਂ ਜਨਮ ਵਰ੍ਹੇਗੰਢਾਂ ਸ਼ਰਧਾ, ਸਤਿਕਾਰ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਈਆਂ ਗਈਆਂ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਗਿਆ। ਸਮਾਗਮ ਵਿੱਚ ਐਸਬੀਐਸ ਗਰੁੱਪ ਦੇ ਚੇਅਰਮੈਨ ਡਾ. ਰਾਜੇਸ਼ ਭਾਰਦਵਾਜ਼, ਮੈਨੇਜਿੰਗ ਡਾਇਰੈਕਟਰ ਡਾ. ਮ੍ਰਿਦੁਲਾ ਭਾਰਦਵਾਜ਼, ਡਾਇਰੈਕਟਰ ਸਤਿਅਮ ਭਾਰਦਵਾਜ਼ ਅਤੇ ਡਾਇਰੈਕਟਰ ਸ੍ਰੀਮਤੀ ਸ਼ੁਭੀ ਭਾਰਦਵਾਜ਼ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਕਪਿਲ ਦੇਵ ਸ਼ਰਮਾ, ਸਮੂਹ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ। ਇਸ ਮੌਕੇ ਡਾ. ਰਾਜੇਸ਼ ਭਾਰਦਵਾਜ਼ ਵੱਲੋਂ ਸ਼ਿਰਡੀ ਸਾਈਂ ਬਾਬਾ ਜੀ ਨੂੰ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਗਈ ਅਤੇ ਸ਼ਹੀਦ ਭਗਤ ਸਿੰਘ ਜੀ ਦੀ ਤਸਵੀਰ 'ਤੇ ਹਾਰ ਪਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਸਮੇਂ ਡਾ. ਮ੍ਰਿਦੁਲਾ ਭਾਰਦਵਾਜ਼ ਨੇ ਸ਼ਹੀਦ ਭਗਤ ਸਿੰਘ ਜੀ ਦੀ ਵਿਚਾਰਧਾਰਾ, ਮਹਾਨ ਕੁਰਬਾਨੀ ਅਤੇ ਦੇਸ਼ ਪ੍ਰਤੀ ਸਮਰਪਣ ਨੂੰ ਯਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਵਿੱਚ ਦੇਸ਼ ਭਗਤੀ, ਰਾਸ਼ਟਰੀ ਏਕਤਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਣਾ ਲੈ ਕੇ ਦੇਸ਼ ਅਤੇ ਸਮਾਜ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਉਪਰੰਤ ਉਨ੍ਹਾਂ ਨੇ ਸ਼ਿਰਡੀ ਸਾਈਂ ਬਾਬਾ ਜੀ ਦੇ ਜੀਵਨ-ਫ਼ਲਸਫ਼ੇ ਅਤੇ ਸਿੱਖਿਆਵਾਂ ਬਾਰੇ ਵੀ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਸਾਈਂ ਬਾਬਾ ਜੀ ਦੀਆਂ ਸਿੱਖਿਆਵਾਂ ਵਿੱਚ ਦਰਸਾਏ ਸ਼ਰਧਾ, ਸਬਰ, ਪਿਆਰ, ਦਇਆ, ਮਨੁੱਖਤਾ ਅਤੇ ਨਿਸ਼ਕਾਮ ਸੇਵਾ ਦੇ ਮਹੱਤਵ ਨੂੰ ਉਜਾਗਰ ਕਰਦਿਆਂ ਵਿਦਿਆਰਥੀਆਂ ਨੂੰ ਇਨ੍ਹਾਂ ਉੱਚੇ ਮੁੱਲਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਲਈ ਪੋਸਟਰ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ। ਵਿਦਿਆਰਥੀਆਂ ਨੇ ਸ਼ਹੀਦ ਭਗਤ ਸਿੰਘ ਜੀ ਦੇ ਜੀਵਨ, ਵਿਚਾਰਧਾਰਾ, ਦੇਸ਼ ਪ੍ਰਤੀ ਸਮਰਪਣ ਅਤੇ ਮਹਾਨ ਕੁਰਬਾਨੀ ਨੂੰ ਦਰਸਾਉਂਦੇ ਸੁੰਦਰ ਅਤੇ ਪ੍ਰਭਾਵਸ਼ਾਲੀ ਪੋਸਟਰ ਤਿਆਰ ਕੀਤੇ। ਇਸ ਦੌਰਾਨ ਵਿਦਿਆਰਥੀਆਂ ਦੀ ਰਚਨਾਤਮਕਤਾ ਅਤੇ ਉਤਸ਼ਾਹ ਦੀ ਸ਼ਲਾਘਾ ਕੀਤੀ ਗਈ। ਕਾਲਜ ਦੇ ਪ੍ਰਿੰਸੀਪਲ ਕਪਿਲ ਦੇਵ ਸ਼ਰਮਾ ਨੇ ਵਿਦਿਆਰਥੀਆਂ ਨੂੰ ਅਜਿਹੀਆਂ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਰਚਨਾਤਮਕਤਾ, ਆਤਮ-ਵਿਸ਼ਵਾਸ, ਸੰਚਾਰ ਹੁਨਰ ਅਤੇ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਅੰਤ ਵਿੱਚ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਸ਼ਹੀਦ ਭਗਤ ਸਿੰਘ ਜੀ ਦੀਆਂ ਮਹਾਨ ਕੁਰਬਾਨੀਆਂ ਨੂੰ ਯਾਦ ਕਰਦਿਆਂ ਅਤੇ ਸ਼ਿਰਡੀ ਸਾਈਂ ਬਾਬਾ ਜੀ ਦੀਆਂ ਮਨੁੱਖਤਾ, ਪਿਆਰ ਅਤੇ ਸੇਵਾ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਦਿੱਤਾ ਗਿਆ।

# ਸ਼ਹੀਦ ਭਗਤ ਸਿੰਘ ਦੇ ਜੋ ਸੁਪਨੇ ਸੀ ਉਹ ਪੂਰੇ ਨਹੀਂ ਹੋਏ: ਕਾਮਰੇਡ ਦਦੇਹਰ ਸਾਹਿਬ



ਤਰਨ ਤਾਰਨ, ਚੋਹਲਾ ਸਾਹਿਬ, 28 ਸਤੰਬਰ (ਆਵਾਜ਼ਿ ਕੌਮ ਬਿਊਰੋ)- ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਚੋਹਲਾ ਸਾਹਿਬ ਵਿਖੇ ਮਨਾਇਆ ਗਿਆ ਜਿਸ ਦੀ ਪ੍ਰਧਾਨ ਜ਼ਿਲਾ ਕੌਂਸਲ ਮੈਂਬਰ ਪਰਮਜੀਤ ਸਿੰਘ ਚੋਹਲਾ ਸਾਹਿਬ ਅਤੇ ਰਜਿੰਦਰ ਸਿੰਘ, ਬਲਵਿੰਦਰ ਸਿੰਘ ਬਿੱਲਿਆਂ ਵਾਲੇ ਨੇ ਕੀਤੀ। ਸ਼ਹੀਦ ਭਗਤ ਸਿੰਘ ਬਾਰੇ ਜਾਣਕਾਰੀ ਦਿੰਦਿਆਂ ਪਾਰਟੀ ਦੇ ਬਲਾਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਜੋ ਭਗਤ ਸਿੰਘ ਦੇ ਸੁਪਨੇ ਸੀ ਉਹ ਪੂਰੇ ਨਹੀਂ ਹੋਏ। ਉਹਨਾਂ ਵੱਡੀਆਂ ਕੁਰਬਾਨੀਆਂ ਦੇ ਕੇ ਦੇਸ਼ ਇਸ ਕਰਕੇ ਆਜ਼ਾਦ ਕਰਵਾਇਆ ਸੀ। ਕਿ ਸਾਡੇ ਦੇਸ਼ ਵਿੱਚ ਭੁੱਖ ਮਰੀ ਕੁੱਲੀ, ਜੁਲੀ ਹਰੇਕ ਨੂੰ ਮਿਲ ਸਕੇ। 2022 ਦੀਆਂ ਚੋਣਾਂ ਵਿੱਚ ਜੇਕਰ ਸਾਡੀ ਸਰਕਾਰ ਬਣ ਗਈ ਤਾਂ ਸਰਕਾਰੀ ਦਫਤਰਾ ਵਿੱਚ ਭਗਤ ਸਿੰਘ ਦੀਆਂ ਤਸਵੀਰਾਂ ਲਗਾਈਆਂ ਜਾਣਗੀਆਂ ਪਰ ਹੁਣ ਸਰਕਾਰੀ ਦਫਤਰਾਂ ਵਿੱਚ ਸ਼ਹੀਦ ਭਗਤ ਸਿੰਘ ਦੀਆਂ ਤਸਵੀਰਾਂ ਗੈਬ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਤਸਵੀਰਾਂ ਲਾ ਦਿੱਤੀਆਂ ਪਰ ਇਨਕਲਾਬ ਦੇ ਨਾਅਰੇ ਦਾ ਮਤਲਬ ਇਹ ਸੀ। ਹਰੇਕ ਮਨੁੱਖ ਨੂੰ ਬਣਦਾ ਹੱਕ ਦਿੱਤਾ ਜਾਵੇ ਭਰ ਹੋਇਆ ਸਭ ਇਸ ਦੇ ਉਲਟ ਹਕ ਮੰਗਦੇ ਲੋਕਾਂ ਤੇ ਲਾਠੀਆਂ, ਡਾਂਗਾਂ ਅਤੇ ਗੋਲੀਆਂ ਚਲਾਈਆਂ ਜਾ ਰਹੀਆਂ ਹਨ। ਜਿਸ ਵਿੱਚ ਕਾਮਰੇਡ ਸੁਰਜੀਤ ਸਿੰਘ, ਜਗਤਾਰ ਸਿੰਘ, ਜੋਗਾ ਸਿੰਘ, ਬਗੇਲ ਸਿੰਘ, ਸ਼ਮਸ਼ੇਰ ਸਿੰਘ, ਚਰਨਜੀਤ ਸਿੰਘ, ਜਸਵੰਤ ਸਿੰਘ, ਅਮਰਜੀਤ ਸਿੰਘ, ਲਖਵਿੰਦਰ ਸਿੰਘ ਦਦੇਹਰ ਸਾਹਿਬ, ਕੁਲਵੰਤ ਸਿੰਘ, ਹਰਜਿੰਦਰ ਸਿੰਘ ਆਦਿ ਸਾਥੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243